

ਨਿਰਪੱਖ ਪੱਤਰਕਾਰੀ ਦਾ ਸਾਥ ਦੇਣ ਲਈ

ਪੜੋ ਰੋਜ਼ਾਨਾ ਲੋਕ ਬਾਣੀ

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ਨੀਵਾਰ, 14 ਸਤੰਬਰ 2024

Email:- lokbani08@gmail.com


**ਅੱਜ ਦਾ ਸ਼ੁਭ ਵਿਚਾਰ**



ਭੋਜਨ ਖਾਣ ਤੋਂ ਤੁਰੰਤ ਬਾਅਦ ਪਾਣੀ ਪੀਣ ਨਾਲ ਅਨੇਕਾਂ ਤਰ੍ਹਾਂ ਦੇ ਰੋਗ ਹੁੰਦੇ ਹਨ। ਇਸ ਲਈ ਖਾਣੇ ਤੋਂ ਇੱਕ ਘੰਟਾ ਬਾਅਦ ਹੀ ਪਾਣੀ ਪੀਣਾ ਚਾਹੀਦਾ ਹੈ।

ਹਰਬੰਸ ਸਿੰਘ ਸੰਘੇੜਾ

ਰੋਜ਼ਾਨਾ ਲੋਕ ਬਾਣੀ
www.lokbani.com


R. N. I. Punpun/29016/2008 ✱ ਸਾਲ 16 , ✱ ਅੰਕ : 96, ✱ ਮੁੱਲ : 6 ਰੁਪਏ ✱ ਕੁੱਲ ਪੇਜ: 10 ✱ ਦਫਤਰ : 0181-2211009 ✱ M : 99155-94111



DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS JALANDHAR CITY
www.dipsimt@gmail.com ( dipsimt@gmail.com )
CONTACT : 95010-00697 , 97806-00998


## ਰੂਸ ,ਬਰਤਾਨੀਆ ਦੇ ਛੇ ਰਾਜਦੂਤਾਂ ਤੇ ਜਾਸੂਸੀ ਦੇ ਦੋਸ਼ ਚ ਕਰੇਗਾ ਕਾਰਵਾਈ

**ਮਾਸਕੋ, ਲੋਕ ਬਾਣੀ**--ਰੂਸ ਦੀ ਸੰਘੀ ਸੁਰੱਖਿਆ ਸੇਵਾ ਨੇ ਅੱਜ ਛੇ ਬਰਤਾਨਵੀ ਰਾਜਦੂਤਾਂ 'ਤੇ ਜਾਸੂਸੀ ਦਾ ਦੋਸ਼ ਲਾਉਂਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਦਿੱਤੀ ਗਈ ਮਾਨਤਾ ਵਾਪਸ ਲੈਣ ਦਾ ਫੈਸਲਾ ਲਿਆ ਗਿਆ ਹੈ। ਰੂਸੀ ਸਰਕਾਰੀ ਟੀਵੀ ਨੇ ਸੁਰੱਖਿਆ ਸੇਵਾ 'ਐੱਫਐੱਸਬੀ' ਦੇ ਇਕ ਅਧਿਕਾਰੀ ਦੇ ਹਵਾਲੇ ਨਾਲ ਕਿਹਾ ਕਿ ਉਨ੍ਹਾਂ ਨੂੰ ਦੇਸ਼ ਤੋਂ ਕੱਢਿਆ ਜਾਵੇਗਾ। ਬਰਤਾਨਵੀ ਰਾਜਦੂਤਾਂ ਨੂੰ ਅਜਿਹੇ ਸਮੇਂ ਵਿੱਚ ਕੱਢਿਆ ਜਾ ਰਿਹਾ ਹੈ ਜਦੋਂ ਬਰਤਾਨੀਆ ਦੇ ਪ੍ਰਧਾਨ ਮੰਤਰੀ ਕੇਅਰ ਸਟਾਰਮਰ ਅਮਰੀਕਾ ਦੇ ਰਾਸ਼ਟਰਪਤੀ




ਜੋਅ ਬਾਇਡਨ ਨਾਲ ਗੱਲਬਾਤ ਕਰਨ ਲਈ ਵਾਸ਼ਿੰਗਟਨ ਦੀ ਯਾਤਰਾ ਕਰ ਰਹੇ ਹਨ। ਇਸ ਗੱਲਬਾਤ ਦੌਰਾਨ, ਰੂਸ ਦੇ ਅੰਦਰੂਨੀ ਹਿੱਸਿਆਂ ਨੂੰ ਨਿਸ਼ਾਨਾ ਬਣਾਉਣ ਲਈ ਪੱਛਮੀ ਦੇਸ਼ਾਂ ਤੋਂ ਮਿਲੇ ਹਥਿਆਰਾਂ ਦੇ ਇਸਤੇਮਾਲ ਦੀ ਇਜਾਜ਼ਤ ਨੂੰ ਲੈ ਕੇ ਯੂਕਰੇਨ ਦੀ ਅਪੀਲ 'ਤੇ ਵੀ ਚਰਚਾ ਕੀਤੀ ਜਾਵੇਗੀ।

## ਭਾਰਤ ਨੇ ਧਰਤੀ ਤੋਂ ਹਵਾ ਵਿੱਚ ਮਾਰ ਕਰਨ ਵਾਲੀਆਂ ਦੋ ਮਿਜ਼ਾਈਲਾਂ ਦਾ ਕੀਤਾ ਸਫਲ ਪ੍ਰੀਖਣ

**ਉੜੀਸਾ, ਲੋਕ ਬਾਣੀ**--ਭਾਰਤ ਨੇ ਅੱਜ ਉੜੀਸਾ ਤੱਟ 'ਤੇ ਚਾਂਦੀਪੁਰ ਸਥਿਤ ਏਕੀਕ੍ਰਿਤ ਪਰੀਖਣ ਰੇਂਜ (ਆਈਟੀਆਰ) ਤੋਂ ਲਗਾਤਾਰ ਦੂਜੇ ਦਿਨ 'ਵਰਟੀਕਲ ਲਾਂਚ ਸ਼ਾਰਟ ਰੇਂਜ ਸਰਫੇਸ ਟੂ ਏਅਰ ਮਿਜ਼ਾਈਲ' (ਵੀਐੱਲਐੱਸਆਰਐੱਸਏਐੱਮ) ਦਾ ਸਫਲ ਪਰੀਖਣ ਕੀਤਾ। ਰੱਖਿਆ ਸੂਤਰਾਂ ਨੇ ਇਹ ਜਾਣਕਾਰੀ ਦਿੱਤੀ। ਰੱਖਿਆ ਖੋਜ ਤੇ ਵਿਕਾਸ ਸੰਸਥਾ (ਡੀਆਰਡੀਓ) ਦੇ ਇਕ ਬਿਆਨ ਵਿੱਚ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਹੈ ਕਿ 12 ਤੇ 13 ਸਤੰਬਰ ਨੂੰ ਹੋਏ ਦੋਵੇਂ ਪਰੀਖਣ ਸਫ਼ਲ



ਰਹੇ। ਬਿਆਨ ਮੁਤਾਬਕ, "ਦੋਵੇਂ ਪਰੀਖਣਾਂ ਵਿੱਚ ਮਿਜ਼ਾਈਲ ਨੇ 'ਸੀ ਸਕਿਮਿੰਗ' ਹਵਾਈ ਟੀਚੇ ਦਾ ਪਿੱਛਾ ਕਰਦੇ ਹੋਏ ਤੇਜ਼ ਰਫ਼ਤਾਰ ਤੇ ਘੱਟ ਉਚਾਈ ਵਾਲੇ ਹਵਾਈ ਟੀਚੇ ਨੂੰ ਸਫ਼ਲਤਾਪੂਰਵਕ ਭੇਦ ਦਿੱਤਾ।'

## ਉਤਰਾਖੰਡ ਦੀ ਸ਼ਾਰਦਾ ਨਦੀ ਦਾ ਪਾਣੀ ਵਧਿਆ ਰੈੱਡ ਅਲਰਟ ਜਾਰੀ

**ਉਤਰਾਖੰਡ, ਲੋਕ ਬਾਣੀ**--ਮੌਸਮ ਨੂੰ ਲੈ ਕੇ ਮੌਸਮ ਵਿਭਾਗ ਨੇ ਉਤਰਾਖੰਡ ਵਿੱਚ ਰੇਡ ਅਲਰਟ ਜਾਰੀ ਕਰ ਦਿੱਤਾ ਹੈ । ਕਿਹਾ ਜਾ ਰਿਹਾ ਹੈ ਕਿ ਆਉਣ ਵਾਲੇ ਦੋ ਦਿਨ ਸੂਬੇ ਉੱਤੇ ਭਾਰੀ ਪੈ ਸਕਦੇ ਹਨ। ਵਿਭਾਗ ਦੇ ਅਨੁਸਾਰ ਇਸ ਦੌਰਾਨ ਪਹਾੜ ਸਬੰਧੀ ਇਲਾਕਿਆਂ ਵਿੱਚ ਬਦਲ ਫਟਣ ਦੀਆਂ ਘਟਨਾਵਾਂ ਹੋਣ ਬਾਰੇ ਵੀ ਸੂਚਿਤ ਕੀਤਾ ਗਿਆ ਹੈ



ਅਲਰਟ ਨੂੰ ਵੇਖਦੇ ਹੋਏ ਸ਼ਾਸਨ ਨੇ ਆਪਦਾ ਪਰਬੰਧਨ ਨਾਲ ਜੁੜੇ ਸਾਰੇ ਮਹਿਕਮਿਆਂ ਨੂੰ ਜਾਗਰੁਕ ਰਹਿਣ ਨੂੰ ਕਿਹਾ ਹੈ।

## ਪੰਜਾਬ ਵਿੱਚ ਤੇਲ ਕੀਮਤਾਂ ਤੇ ਕਿਰਾਏ ਵਿਚ ਕੀਤੇ ਗਏ ਵਾਧੇ ਦੇ ਰੋਸ ਚ ਪ੍ਰਦਰਸ਼ਨ ਕੀਤਾ ਗਿਆ

**ਮੁਕਤਸਰ, ਲੋਕ ਬਾਣੀ**--ਪੰਜਾਬ ਵਿੱਚ ਵੱਧ ਰਹੀ ਮਹਿੰਗਾਈ ਤੇ ਪੈਟਰੋਲ ਕੀਮਤਾਂ ਅਤੇ ਬੱਸ ਕਿਰਾਇਆਂ ਵਿਚ ਵਾਧੇ ਦੇ ਖ਼ਿਲਾਫ਼ ਸੀ.ਪੀ.ਆਈ. ਅਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵਲੋਂ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਦਫ਼ਤਰ



ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਕਾਮਰੇਡ ਜਗਰੂਪ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੇ ਵਾਧੂ ਬੋਝ ਪਾ ਰਹੀ ਹੈ

## ਆਂਧਰਾ ਪ੍ਰਦੇਸ਼ ਚ ਵਾਪਰੀਆਂ ਭਿਆਨਕ ਸੜਕ ਹਾਦਸਾ 8 ਦੀ ਮੌਤ

**ਆਂਧਰਾ ਪ੍ਰਦੇਸ਼, ਲੋਕ ਬਾਣੀ**---ਆਂਧਰਾ ਪ੍ਰਦੇਸ਼ ਦੇ ਚਿਤੂਰ ਜ਼ਿਲ੍ਹੇ ਦੇ ਪਾਲਮਨੇਰ ਚ ਬੈਂਗਲੁਰੂ-ਤਿਰੂਪਤੀ ਹਾਈਵੇਅ ਤੇ ਇਕ ਭਿਆਨਕ ਸੜਕ ਹਾਦਸਾ ਵਾਪਰਿਆ। ਇਹ ਹਾਦਸਾ ਮੋਗਲੀ ਘਾਟ ਨੇੜੇ ਵਾਪਰਿਆ, ਜਿੱਥੇ ਦੋ ਟਰੱਕਾਂ ਦੀ ਬੱਸ ਨਾਲ ਟੱਕਰ ਹੋ ਗਈ। ਇਸ ਹਾਦਸੇ ਚ 8 ਲੋਕਾਂ ਦੀ ਮੌਤ ਹੋ ਗਈ ਅਤੇ 30 ਹੋਰ ਜ਼ਖ਼ਮੀ ਹੋ ਗਏ। ਪੁਲਿਸ ਦਾ ਕਹਿਣਾ ਹੈ ਕਿ ਮਰਨ ਵਾਲਿਆਂ



ਦੀ ਗਿਣਤੀ ਹੋਰ ਵਧ ਸਕਦੀ ਹੈ। ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਯਾਤਰੀ ਬੱਸ ਬੈਂਗਲੂਰੂ ਤੋਂ ਤਿਰੂਪਤੀ ਜਾ ਰਹੀ ਸੀ।

## ਦੇਸ਼ ਦੇ ਚਰਚਿੱਤ ਕਾਂਗਰਸੀ ਆਗੂ ਟਾਈਟਲਰ ਤੇ ਕਤਲ ਦੇ ਦੋਸ਼ ਹੋਏ ਤੈਅ

**ਦਿੱਲੀ, ਲੋਕ ਬਾਣੀ**--ਦਿੱਲੀ ਦੀ ਇਕ ਅਦਾਲਤ ਨੇ 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਇਕ ਮਾਮਲੇ ਵਿਚ ਕਾਂਗਰਸੀ ਆਗੂ ਜਗਦੀਸ਼ ਟਾਈਟਲਰ ਖ਼ਿਲਾਫ਼ ਕਤਲ ਅਤੇ ਹੋਰ ਅਪਰਾਧਾਂ ਦੇ ਦੋਸ਼ ਤੈਅ ਕੀਤੇ ਹਨ। ਅਦਾਲਤ ਨੇ ਟਾਈਟਲਰ ਦੇ ਖ਼ਿਲਾਫ਼ ਹੱਤਿਆ, ਗੈਰ-ਕਾਨੂੰਨੀ ਢੰਗ ਨਾਲ ਇਕੱਠੇ ਹੋਣਾ, ਦੰਗਾ ਕਰਨਾ ਤੇ ਭੜਕਾਉਣਾ, ਵੱਖ ਵੱਖ ਗੁੱਟਾਂ ਨੂੰ ਇਕ ਦੂਜੇ ਖ਼ਿਲਾਫ਼ ਭੜਕਾਉਣਾ, ਘਰਾਂ ਵਿਚ ਜ਼ਬਰਦਸੀ




ਵੜਨਾ ਅਤੇ ਚੋਰੀ ਦੇ ਦੋਸ਼ ਤੈਅ ਕੀਤੇ ਹਨ। ਸਪੈਸ਼ਲ ਜੱਜ ਰਾਕੇਸ਼ ਸਿਆਲ ਨੇ ਕਿਹਾ ਕਿ ਟਾਈਟਲਰ ਨੇ ਸੀ.ਬੀ. ਆਈ. ਦੇ ਦੋਸ਼ਾਂ 'ਤੇ ਕਿਹਾ ਸੀ ਕਿ ਉਹ ਨਹੀਂ ਹੈ,

## ਪੰਜਾਬ ਵਿੱਚ 72 ਪੰਚਾਇਤ ਸੰਮਤੀਆਂ ਕੀਤੀਆਂ ਗਈਆਂ ਭੰਗ

**ਚੰਡੀਗੜ੍ਹ, ਵਿਨੋਦ ਸ਼ਰਮਾ**--ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਪੰਚਾਇਤ ਸੰਮਤੀਆਂ ਨੂੰ ਭੰਗ ਕਰ ਦਿੱਤਾ ਗਿਆ ਹੈ। ਇਸ ਸਬੰਧੀ ਪੰਜਾਬ ਸਰਕਾਰ ਦੇ ਪ੍ਰਮੁੱਖ ਸਕੱਤਰ ਵੱਲੋਂ ਇੱਕ ਵੀ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ । ਸੂਬੇ ਦੀਆਂ 74 ਪੰਚਾਇਤ ਸੰਮਤੀਆਂ ਦਾ ਕਾਰਜਕਾਲ 10 ਸਤੰਬਰ ਨੂੰ ਖਤਮ ਹੋ ਚੁੱਕਿਆ ਹੈ ।ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ 72 ਪੰਚਾਇਤ ਸੰਮਤੀਆਂ ਨੂੰ ਭੰਗ ਕਰ ਦਿੱਤਾ ਗਿਆ ਹੈ । ਹੁਣ ਚੇਅਰਮੈਨਾਂ ਦੀ ਥਾਂ 'ਤੇ ਡੀ.ਡੀ.ਪੀ.ਓ ਨੂੰ ਪ੍ਰਬੰਧਕ ਲਾਇਆ ਗਿਆ ਹੈ । ਹੁਣ ਸੰਭਾਵਨਾ ਜਤਾਈ ਜਾ ਰਹੀ ਹੈ ਕਿ ਪੰਚਾਇਤੀ ਚੋਣਾਂ ਜਲਦ ਹੋ ਸਕਦੀਆਂ ਹਨ । ਜਿਨ੍ਹਾਂ ਪੰਚਾਇਤ ਸੰਮਤੀਆਂ ਨੂੰ ਭੰਗ ਕੀਤਾ ਗਿਆ

## ਜਲੰਧਰ ਦੇ ਲੱਲੀ ਗੈਂਗਸਟਰ ਨੇ ਬੇਖੌਫ ਹੋ ਚਲਾਈ ਗੋਲੀ

**ਜਲੰਧਰ, ਬਿੱਟੂ ਫੋਲੜੀਵਾਲ**-ਪੰਜਾਬ ਵਿੱਚ ਆਪ ਸਰਕਾਰ ਆਉਣ ਤੋ ਬਾਅਦ ਗੈਂਗਸਟਰ ਬੇਖੌਫ ਹੋ ਗਏ ਹਨ ਤੇ ਹੁਣ ਉਹ ਹੋਰਾਂ ਰਾਜਾਂ ਵਿਚ ਵੀ ਜਾ ਗੋਲੀਆਂ ਚਲਾ ਰਹੇ ਹਨ ਤਾਜ਼ਾ ਮਾਮਲਾ ਜਲੰਧਰ ਪੁਲਸ ਨੂੰ 2021 ਤੋਂ ਵਾਂਟੇਡ ਗੈਂਗਸਟਰਾਂ ਪੁਨੀਤ ਸ਼ਰਮਾ ਅਤੇ ਲੱਲੀ ਦਾ ਸਾਹਮਣੇ ਆਇਆ ਜਿਸ ਨੇ ਜੈਪੁਰ-ਦਿੱਲੀ ਹਾਈਵੇਅ 'ਤੇ ਸਥਿਤ ਨੀਮਰਾਨਾ ਇਲਾਕੇ ਦੇ ਇਕ ਨਾਮੀ ਹੋਟਲ ਵਿਚ ਅੰਨ੍ਹੇਵਾਹ ਗੋਲ਼ੀਆਂ ਚਲਾਈਆਂ ਸਨ। ਇਸ



ਦਾ ਖ਼ੁਲਾਸਾ ਉਦੋਂ ਹੋਇਆ ਜਦੋਂ ਦੋਵੇਂ ਗੈਂਗਸਟਰ ਹੋਟਲ ਵਿਚ ਲੱਗੇ ਸੀ. ਸੀ. ਟੀ. ਵੀ. ਕੈਮਰੇ ਵਿਚ ਕੈਦ ਹੋ ਗਏ। ਪੁਨੀਤ ਅਤੇ ਲੱਲੀ ਆਪਣੀ ਪੁਰਾਣੀ ਲੁੱਕ ਵਿਚ ਹੀ ਸਨ, ਜਿਨ੍ਹਾਂ ਨੇ ਆਪਣੇ ਮੂੰਹ ਵੀ ਨਹੀਂ ਢਕੇ ਸਨ

## ਗੁਜਰਾਤ ਚ ਗਣੇਸ਼ ਵਿਸਰਜਨ ਮੋਕੇ ਨਦੀ ਵਿਚ ਡੁੱਬੇ 10 ਲੋਕ

**ਗਾਂਧੀਨਗਰ, ਲੋਕ ਬਾਣੀ** ਗੁਜਰਾਤ ਦੇ ਗਾਂਧੀਨਗਰ ਜ਼ਿਲ੍ਹੇ ਦੇ ਦੇਹਗਾਮ ਵਿਚ ਗਣੇਸ਼ ਵਿਸਰਜਨ ਦੌਰਾਨ 10 ਸ਼ਰਧਾਲੂ ਪਾਣੀ ਵਿਚ ਡੁੱਬ ਗਏ। ਇਨ੍ਹਾਂ ਵਿਚੋਂ ਪੰਜ ਲੋਕਾਂ ਦੀਆਂ ਲਾਸ਼ਾਂ ਬਰਾਮਦ ਕਰ ਲਈਆਂ ਗਈਆਂ ਹਨ, ਜਦਕਿ ਬਾਕੀਆਂ ਦੀ ਭਾਲ ਜਾਰੀ ਹੈ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਪਾਟਨ ਦੀ ਸਰਸਵਤੀ ਨਦੀ ਚ ਗਣੇਸ਼ ਵਿਸਰਜਨ ਦੌਰਾਨ 5 ਲੋਕ ਡੁੱਬ ਗਏ ਸਨ, ਜਿਸ ਤੋਂ ਬਾਅਦ ਦੇਹਗਾਮ ਚ



ਵੀ ਅਜਿਹਾ ਹੀ ਹਾਦਸਾ ਦੇਖਣ ਨੂੰ ਮਿਲਿਆ ਹੈ।


ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ANTF ਅਤੇ ਪੰਜਾਬ ਪੁਲਿਸ ਨੇ ਡਰੱਗ ਇੰਸਪੈਕਟਰ ਨੂੰ ਕੀਤਾ ਗ੍ਰਿਫਤਾਰ



(ਲੋਕ ਬਾਣੀ) ਐਂਟੀ ਨਾਰਕੋਟਿਕਸ ਟਾਸਕ ਫੋਰਸ (ਏ.ਐਨ.ਟੀ.ਐਫ.) ਅਤੇ ਪੰਜਾਬ ਪੁਲਿਸ ਨੇ ਇੱਕ ਵੱਡੀ ਸਫਲਤਾ ਪ੍ਰਾਪਤ ਕਰਦੇ ਹੋਏ ਐਸਏਐਸ ਨਗਰ ਤੋਂ ਇੱਕ ਡਰੱਗ ਇੰਸਪੈਕਟਰ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਮੁਲਜ਼ਮ ਗੈਰ-ਕਾਨੂੰਨੀ ਦਵਾਈਆਂ, ਮੈਡੀਕਲ ਸਟੋਰਾਂ ਨਾਲ ਜੁੜੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਅਤੇ ਨਸ਼ੀਲੇ ਪਦਾਰਥਾਂ ਦੇ ਪੈਸੇ ਨੂੰ ਲਾਂਡਰਿੰਗ ਕਰਨ ਵਿੱਚ ਮਦਦ ਕਰ ਰਿਹਾ ਸੀ। ਦੋਸ਼ੀ ਜੇਲ੍ਹ ਦੇ ਅੰਦਰ ਬੰਦ ਨਸ਼ਾ ਤਸਕਰਾਂ ਦੇ ਸੰਪਰਕ ਵਿੱਚ ਸੀ ਅਤੇ ਬਾਹਰੋਂ ਨਸ਼ਾ ਤਸਕਰਾਂ ਦੇ ਸੰਪਰਕ ਵਿੱਚ ਸੀ। ਗੰਭੀਰ ਵਿੱਤੀ ਬੇਨਿਯਮੀਆਂ ਦੇਖੀਆਂ ਗਈਆਂ ਹਨ, ਜਿਸਦੇ ਤਹਿਤ 1©“6 ਨੇ □7.09 ਕਰੋੜ ਦੇ 24 ਬੈਂਕ ਖਾਤਿਆਂ ਦੀ ਪਛਾਣ ਕੀਤੀ ਅਤੇ ਉਹਨਾਂ ਨੂੰ ਫ੍ਰੀਜ਼ ਕੀਤਾ। ਇਸ ਤੋਂ ਇਲਾਵਾ ਦੋ ਬੈਂਕ ਲਾਕਰ ਜ਼ਬਤ ਕੀਤੇ ਗਏ ਹਨ

1©“6 ਨੇ 1.49 ਕਰੋੜ ਰੁਪਏ ਨਕਦ, 260 ਗ੍ਰਾਮ ਸੋਨਾ ਅਤੇ ਵਿਦੇਸ਼ੀ ਕਰੰਸੀ ਬਰਾਮਦ ਕੀਤੀ।

ਇਸ ਤੋਂ ਇਲਾਵਾ, ਗੈਰ-ਕਾਨੂੰਨੀ ਗਤੀਵਿਧੀਆਂ ਦੀ ਕਮਾਈ ਰਾਹੀਂ ਹਾਸਲ ਕੀਤੀ ਮਹੱਤਵਪੂਰਨ ਸੰਪਤੀਆਂ ਦੀ ਪਛਾਣ ਕੀਤੀ ਗਈ, ਜਿਸ ਵਿੱਚ ਜ਼ੀਰਕਪੁਰ ਅਤੇ ਡੱਬਵਾਲੀ ਵਿੱਚ 2.40 ਕਰੋੜ ਰੁਪਏ ਦੀ ਰੀਅਲ ਅਸਟੇਟ ਵੀ ਸ਼ਾਮਲ ਹੈ।

ਇੱਕ ਉੱਨਤ ਤਕਨੀਕੀ ਨਿਗਰਾਨੀ ਅਤੇ ਮਨੁੱਖੀ ਖੁਫੀਆ ਜਾਣਕਾਰੀ ਵਿੱਚ ਕੀਤੀ ਗਈ ਜਾਂਚ, ਗੁੰਝਲਦਾਰ ਅਪਰਾਧਿਕ ਨੈਟਵਰਕ ਨਾਲ ਨਜਿੱਠਣ ਲਈ 1©“6 ਦੀ ਰਣਨੀਤਕ ਪਹੁੰਚ ਨੂੰ ਦਰਸਾਉਂਦੀ ਹੈ ।

# ਚੰਡੀਗੜ੍ਹ ਚ ਹੈਂਡ ਗਰਨੇਡ ਸੁੱਟਣ ਵਾਲੇ 2 ਦੋਸ਼ੀ ਪੁਲਿਸ ਵੱਲੋਂ ਗ੍ਰਿਫਤਾਰ



ਚੰਡੀਗੜ੍ਹ (ਲੋਕ ਬਾਣੀ) ਸੈਕਟਰ-10 ਚ ਕੋਠੀ ਤੇ ਗ੍ਰਨੇਡ ਨਾਲ ਹਮਲਾ ਕਰਨ ਵਾਲੇ ਮੁਲਜ਼ਮਾਂ ਤੱਕ ਪੁਲਿਸ ਪਹੁੰਚ ਗਈ ਹੈ। ਪੰਜਾਬ ਪੁਲਿਸ ਦੀ ਟੀਮ ਨੇ ਖੰਨਾ ਤੋਂ ਦੋ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਹੈ। ਹਿਰਾਸਤ ਵਿੱਚ ਲਏ ਗਏ ਮੁਲਜ਼ਮਾਂ ਦੀ ਪਛਾਣ ਵਿਸ਼ਾਲ ਮਸੀਹ ਅਤੇ ਰੋਹੀਨ ਮਸੀਹ ਵਜੋਂ ਹੋਈ ਹੈ। ਉਨ੍ਹਾਂ ਨੂੰ ਦੇਰ ਰਾਤ ਕਾਊਂਟਰ ਇੰਟੈਲੀਜੈਂਸ ਟੀਮ ਨੇ ਫੜ ਲਿਆ। ਪੁਲਿਸ ਜਲਦ ਹੀ ਪ੍ਰੈੱਸ ਕਾਨਫਰੰਸ ਕਰਕੇ ਖੁਲਾਸਾ ਕਰੇਗੀ। ਮੁੱਖ ਮੁਲਜ਼ਮ ਰੋਹੀਨ ਮਸੀਹ ਦਸਿਆ ਜਾ ਰਿਹਾ ਹੈ ।

# ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਨਾਲ ਤਾਲਮੇਲ ਕਰਕੇ ਭਗੌੜੇ ਅੰਮ੍ਰਿਤਪਾਲ ਸਿੰਘ ਨੂੰ ਆਸਟ੍ਰੀਆ ਤੋਂ ਲਿਆਂਦਾ ਵਾਪਸ

ਚੰਡੀਗੜ੍ਹ/ਬਟਾਲਾ, (ਲੋਕ ਬਾਣੀ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਿਆਂ ਯਕੀਨੀ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਨਾਲ ਤਾਲਮੇਲ ਕਰਕੇ ਬਟਾਲਾ ਦੇ ਪਿੰਡ ਭੋਮਾ ਦੇ ਵਸਨੀਕ ਅੰਮ੍ਰਿਤਪਾਲ ਸਿੰਘ ਨੂੰ ਕਈ ਘਿਨਾਉਣੇ ਅਪਰਾਧਾਂ ਦੇ ਦੋਸ਼ਾਂ ਦਾ ਸਾਹਮਣਾ ਕਰਨ ਲਈ ਆਸਟਰੀਆ ਤੋਂ ਸਫਲਤਾਪੂਰਵਕ ਡਿਪੋਰਟ ਕਰ ਦਿੱਤਾ ਹੈ। . ਬਾਅਦ ਵਿਚ ਸ਼ੁੱਕਰਵਾਰ ਸਵੇਰੇ 7 ਵਜੇ ਨਵੀਂ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਤੇ ਉਤਾਰਿਆ ਗਿਆ, ਅਤੇ ਬਟਾਲਾ ਪੁਲਿਸ ਨੇ ਉਸ ਨੂੰ ਹਿਰਾਸਤ ਵਿਚ ਲੈ ਲਿਆ ਹੈ। ਪੰਜਾਬ ਪੁਲਿਸ ਵੱਲੋਂ ਕੇਂਦਰੀ ਏਜੰਸੀਆਂ ਦੇ ਤਾਲਮੇਲ ਵਿੱਚ ਅਣਥੱਕ ਯਤਨਾਂ ਤੋਂ ਬਾਅਦ, ਅੰਮ੍ਰਿਤਪਾਲ ਸਿੰਘ ਵਾਸੀ ਪਿੰਡ ਭੋਮਾ, ਪੀ.ਐਸ. ਘੁੰਮਣ ਨੂੰ ਕਈ ਗੰਭੀਰ ਅਪਰਾਧਿਕ ਮਾਮਲਿਆਂ ਵਿੱਚ ਦੋਸ਼ਾਂ ਦਾ ਸਾਹਮਣਾ ਕਰਨ ਲਈ #ਆਸਟ੍ਰੀਆ ਤੋਂ #ਭਾਰਤ ਵਿੱਚ ਸਫਲਤਾਪੂਰਵਕ ਡਿਪੋਰਟ ਕੀਤਾ ਗਿਆ ਹੈ; ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਨੇ ਦੱਸਿਆ। ) ਪੰਜਾਬ ਗੌਰਵ ਯਾਦਵ ਨੇ ਆਪਣੇ ਐਕਸ ਹੈਂਡਲ (ਪਹਿਲਾਂ ਟਵਿੱਟਰ) ਤੇ ਇੱਕ ਪੋਸਟ ਵਿੱਚ. ਜ਼ਿਕਰਯੋਗ ਹੈ ਕਿ ਦੋਸ਼ੀ ਅੰਮ੍ਰਿਤਪਾਲ ਸਿੰਘ ਭਗੌੜਾ ਹੈ ਜੋ ਆਸਟਰੀਆ ਵਿੱਚ ਗੈਰ-ਕਾਨੂੰਨੀ ਢੰਗ ਨਾਲ ਰਹਿ ਰਿਹਾ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਡਿਪੋਰਟ ਕੀਤਾ ਗਿਆ ਮੁਲਜ਼ਮ ਕਤਲ, ਕਤਲ ਦੀ ਕੋਸ਼ਿਸ਼, ਨਸ਼ੀਲੇ ਪਦਾਰਥਾਂ ਦੇ ਅਪਰਾਧ ਅਤੇ ਅਸਲਾ ਐਕਟ ਦੀਆਂ ਉਲੰਘਣਾਵਾਂ ਸਮੇਤ ਕਈ ਘਿਨਾਉਣੇ ਅਪਰਾਧਾਂ ਵਿੱਚ ਸ਼ਾਮਲ ਹੈ। ਉਸ ਦਾ ਦੇਸ਼ ਨਿਕਾਲੇ ਪੀੜਤਾਂ ਲਈ ਨਿਆਂ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਡੀਜੀਪੀ ਨੇ ਭਗੌੜੇ ਅੰਮ੍ਰਿਤਪਾਲ ਸਿੰਘ ਨੂੰ ਇਨਸਾਫ਼ ਦਾ ਸਾਹਮਣਾ ਕਰਨ ਲਈ ਭਾਰਤ ਵਾਪਸ ਲਿਆਉਣ ਲਈ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਬਟਾਲਾ ਸੁਹੇਲ ਕਾਸਿਮ ਮੀਰ ਅਤੇ ਪੰਜਾਬ ਪੁਲਿਸ ਦੇ ਅੰਦਰੂਨੀ ਸੁਰੱਖਿਆ ਵਿੰਗ ਦੀ ਅਗਵਾਈ ਵਾਲੀ ਬਟਾਲਾ ਪੁਲਿਸ ਦੀ ਸਮੁੱਚੀ ਟੀਮ ਦੇ ਅਣਥੱਕ ਯਤਨਾਂ ਦੀ ਸ਼ਲਾਘਾ ਕੀਤੀ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਐਸਐਸਪੀ ਬਟਾਲਾ ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਮੁਲਜ਼ਮ ਅੰਮ੍ਰਿਤਪਾਲ ਸਿੰਘ, ਜਿਸ ਨੂੰ ਕਈ ਕੇਸਾਂ ਵਿੱਚ ਪੀ.ਓ. ਐਲਾਨਿਆ ਗਿਆ ਸੀ, 2022 ਵਿੱਚ ਦੁਬਈ ਅਤੇ ਸਰਬੀਆ ਦੇ ਰਸਤੇ ਆਸਟਰੀਆ ਭੱਜ ਗਿਆ ਸੀ, ਅਤੇ ਉਦੋਂ ਤੋਂ ਗ੍ਰਿਫਤਾਰੀ ਤੋਂ ਬਚ ਰਿਹਾ ਸੀ। ਉਸ ਨੇ ਅੱਗੇ ਕਿਹਾ ਕਿ ਬਾਅਦ ਵਾਲੇ ਨੇ ਉੱਥੇ ਸਿਆਸੀ ਸ਼ਰਨ ਲਈ ਵੀ ਅਰਜ਼ੀ ਦਿੱਤੀ ਸੀ। ਐਸਐਸਪੀ ਨੇ ਕਿਹਾ, ਅੰਤਰਰਾਸ਼ਟਰੀ ਅਧਿਕਾਰੀਆਂ ਦੇ ਲਗਾਤਾਰ



ਯਤਨਾਂ ਅਤੇ ਸਹਿਯੋਗ ਤੋਂ ਬਾਅਦ, ਪੰਜਾਬ ਪੁਲਿਸ ਨੇ ਨਿਆਂ ਦਾ ਸਾਹਮਣਾ ਕਰਨ ਲਈ ਉਸਦੀ ਭਾਰਤ ਵਾਪਸੀ ਨੂੰ ਯਕੀਨੀ ਬਣਾਇਆ ਹੈ।

# NIA ਵਲੋਂ ਪੰਜਾਬ ਦੇ ਕਈ ਥਾਵਾਂ ਤੇ ਕੀਤੀ ਜਾ ਰਹੀ ਛਾਪੇਮਾਰੀ




(ਲੋਕ ਬਾਣੀ) NIA ਵਲੋਂ ਤੜਕਸਾਰ ਪੰਜਾਬ ਦੇ ਕਈ ਥਾਵਾਂ ਤੇ ਛਾਪੇਮਾਰੀ ਕੀਤੀ ਜਾ ਰਹੀ ਹੈ। ਜਿਸ ਚ ਅੰਮ੍ਰਿਤਸਰ ਚ ਸਾਂਸਦ ਅੰਮ੍ਰਿਤਪਾਲ ਸਿੰਘ ਦੇ ਚਾਚੇ ਪ੍ਰਗਟ ਸਿੰਘ ਦੇ ਘਰ ਰੇਡ ਕੀਤੀ ਗਈ ਤੇ ਨਾਲ ਹੀ ਬਾਬਾ ਬਕਾਲਾ ਸਾਹਿਬ ਵਿੱਚ ਉਹਨਾਂ ਦੇ ਕੋਲ ਪਰਿਵਾਰਿਕ ਮੈਂਬਰ ਦੇ ਘਰ ਵੀ ਕੀਤੀ ਰੇਡ ਕੀਤੀ ਗਈ । ©91 ਦੀ ਟੀਮ ਨੇ ਅੰਮ੍ਰਿਤਪਾਲ ਦੇ ਚਾਚਾ ਪ੍ਰਗਟ ਸਿੰਘ ਦੇ ਘਰ ਤੋਂ ਇੱਕ ਹਿਰਾਸਤ ਚ ਲਿੱਤੇ ਵਿਅਕਤੀ ਨੂੰ ਬਿਆਸ ਥਾਣੇ ਲਿਜਾ ਕੇ ਪੁੱਛ ਗਿੱਛ ਕੀਤੀ ਜਾ ਰਹੀ ਹੈ।

ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਅੰਮ੍ਰਿਤ ਪਾਲ ਸਿੰਘ ਦੇ ਪਰਵਾਰਿਕ ਮੈਂਬਰਾਂ ਦੇ ਘਰ ਵੀ ਐਨਆਈਏ ਦੀ ਟੀਮ ਨੇ ਕੀਤੀ ਰੇਡ ਕੀਤੀ ਗਈ। ਜਦਕਿ ਹੋਰ ਵੀ ਕਈ ਥਾਵਾਂ ਤੇ ਰੇਡ ਚੱਲ ਰਹੀ ਹੈ।

# ਸਿਵਲ ਹਸਪਤਾਲ ਫਗਵਾੜਾ ਵਿਖੇ ਯੂਥ ਵਾਇਸ ਫਾਊਂਡੇਸ਼ਨ ਵੱਲੋਂ ਮਰੀਜ਼ਾਂ ਨੂੰ ਭੋਜਨ ਵੰਡਿਆ ਗਿਆ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਯੂਥ ਵਾਇਸ ਫਾਊਂਡੇਸ਼ਨ ਵੱਲੋਂ ਆਪਣੇ ਹਫਤਾਵਾਰੀ ਪ੍ਰੋਜੈਕਟ ਤਹਿਤ ਸਥਾਨਕ ਸਿਵਲ ਹਸਪਤਾਲ ਵਿੱਚ ਇਲਾਜ ਅਧੀਨ ਮਰੀਜ਼ਾਂ ਨੂੰ ਦੁਪਹਿਰ ਦਾ ਖਾਣਾ ਦਿੱਤਾ ਗਿਆ। ਜਿਸ ਦਾ ਉਦਘਾਟਨ ਥਾਣਾ ਸਦਰ ਦੇ ਇੰਚਾਰਜ ਅਮਨਦੀਪ ਨਾਹਰ ਨੇ ਕੀਤਾ। ਇਸ ਦੌਰਾਨ ਖੱਤਰੀ ਸਮਾਜ ਵੈਲਫੇਅਰ ਸੁਸਾਇਟੀ ਰਜਿ. ਫਗਵਾੜਾ ਪ੍ਰਧਾਨ ਰਮਨ ਨਹਿਰਾ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਰਮਨ ਨਹਿਰਾ ਨੇ ਦੱਸਿਆ ਕਿ ਸਿਵਲ ਹਸਪਤਾਲ ਵਿੱਚ ਮਰੀਜ਼ਾਂ ਨੂੰ ਹਰ ਸ਼ੁੱਕਰਵਾਰ ਦੁਪਹਿਰ ਦਾ ਖਾਣਾ ਦਿੱਤਾ ਜਾਂਦਾ ਹੈ। ਆਪਣੇ ਸੰਬੋਧਨ ਵਿੱਚ ਐਸ.ਐਚ.ਓ ਅਮਨਦੀਪ ਨਾਹਰ ਨੇ ਯੂਥ ਵਾਇਸ ਫਾਊਂਡੇਸ਼ਨ ਦੇ ਅਧਿਕਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਰੇ ਮੈਂਬਰ ਮਰੀਜ਼ਾਂ ਨੂੰ ਭੋਜਨ ਮੁਹੱਈਆ ਕਰਵਾ ਕੇ ਬਹੁਤ ਹੀ ਨੇਕ ਕੰਮ ਕਰ ਰਹੇ ਹਨ। ਬਿਮਾਰ ਲੋਕਾਂ ਦੀ ਹਰ ਸੰਭਵ ਮਦਦ ਕਰਨਾ ਸਾਨੂੰ ਸਾਰਿਆਂ ਨੂੰ ਆਪਣਾ ਫਰਜ਼ ਸਮਝਣਾ ਚਾਹੀਦਾ ਹੈ। ਇਸ ਉਪਰੰਤ ਸਮੂਹ ਪਤਵੰਤਿਆਂ ਨੇ ਮਰੀਜ਼ਾਂ ਨੂੰ ਭੋਜਨ ਵੰਡਣ ਦੀ ਸੇਵਾ ਆਪਣੇ ਹੱਥੀਂ ਨਿਭਾਈ। ਰਮਨ ਨਹਿਰਾ ਅਤੇ ਹਸਪਤਾਲ ਦੇ ਸਟਾਫ਼ ਨੇ ਵੀ ਫਾਊਂਡੇਸ਼ਨ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਫਾਊਂਡੇਸ਼ਨ ਦੇ ਪ੍ਰਧਾਨ ਗਗਨ ਢੱਟ ਅਤੇ ਸਕੱਤਰ ਨੰਦ ਸੋਨੀ ਨੇ ਭਰੋਸਾ ਦਿਵਾਇਆ ਕਿ ਇਹ ਹਫਤਾਵਾਰੀ ਸੇਵਾ ਪ੍ਰਮਾਤਮਾ ਦੀ ਰਜ਼ਾ ਤੱਕ ਜਾਰੀ ਰਹੇਗੀ। ਇਸ ਮੌਕੇ ਮੋਹਨ ਲਾਲ ਤਨੇਜਾ, ਸੁਧਾ ਰਾਣੀ ਅਤੇ ਹਸਪਤਾਲ ਦੇ ਸਟਾਫ਼ ਮੈਂਬਰ ਵੀ ਹਾਜ਼ਰ ਸਨ।

# ਵਿਰੋਧੀ ਧਿਰ ਨੇਤਾ ਬਾਜਵਾ ਨੇ ਚੰਨੀ ਤੇ ਰਾਹੁਲ ਗਾਂਧੀ ਨੂੰ ਧਮਕੀ ਦੇਣ ਤੇ ਭਾਜਪਾ ਦੀ ਤਿੱਖੀ ਕੀਤੀ ਆਲੋਚਨਾ

ਚੰਡੀਗੜ੍ਹ, (ਲੋਕ ਬਾਣੀ)- ਪੰਜਾਬ ਵਿਧਾਨ ਸਭਾ ਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਸ਼ੁੱਕਰਵਾਰ ਨੂੰ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਤੇ ਦਿੱਲੀ ਭਾਜਪਾ ਦੇ ਆਗੂ ਤਰਵਿੰਦਰ ਸਿੰਘ ਮਰਵਾਹਾ ਰਾਹੀਂ ਲੋਕ ਸਭਾ ਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੂੰ ਧਮਕਾਉਣ ਦਾ ਦੋਸ਼ ਲਾਇਆ।

ਦਿੱਲੀ ਵਿਖੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਦਫ਼ਤਰ ਵਿਖੇ ਪ੍ਰੈਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਬਾਜਵਾ ਨੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਤੋਂ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਨਾਲ ਕਿਹਾ ਕਿ ਸੰਸਦ ਦੇ ਹੇਠਲੇ ਸਦਨ ਵਿੱਚ ਚੁਣੇ ਹੋਏ ਨੁਮਾਇੰਦੇ ਅਤੇ ਵਿਰੋਧੀ ਧਿਰ ਦੇ ਨੇਤਾ ਨੂੰ ਧਮਕਾਉਣਾ ਬਹੁਤ ਹੀ ਨਿੰਦਣਯੋਗ ਹੈ।

ਇਸ ਤੋਂ ਪਹਿਲਾਂ ਬਾਲੀਵੁੱਡ ਅਭਿਨੇਤਰੀ ਅਤੇ ਮੰਡੀ ਤੋਂ ਭਾਜਪਾ ਸੰਸਦ ਮੈਂਬਰ ਕੰਗਨਾ ਰਣੌਤ ਨੇ ਕਿਸਾਨਾਂ ਵਿਰੁੱਧ ਬਹੁਤ ਇਤਰਾਜ਼ਯੋਗ ਟਿੱਪਣੀਆਂ ਕੀਤੀਆਂ ਸਨ। ਹਾਲਾਂਕਿ, ਭਾਜਪਾ ਉਸ ਦੇ ਖ਼ਿਲਾਫ਼ ਕਾਰਵਾਈ ਕਰਨ ਵਿੱਚ ਅਸਫਲ ਰਹੀ। ਬਾਜਵਾ ਨੇ ਕਿਹਾ ਕਿ ਜੇਕਰ ਭਾਜਪਾ ਨੇ ਕਿਸਾਨਾਂ ਵਿਰੁੱਧ ਕੰਗਨਾ ਦੀ ਟਿੱਪਣੀ ਨੂੰ ਸਵੀਕਾਰ ਨਹੀਂ ਕੀਤਾ ਤਾਂ ਉਸ ਨੂੰ ਪਾਰਟੀ ਤੋਂ ਕੱਢ ਦਿੱਤਾ ਜਾਣਾ ਚਾਹੀਦਾ ਸੀ।

ਅਮਰੀਕਾ ਵਿਚ ਰਾਹੁਲ ਗਾਂਧੀ ਦੇ ਭਾਸ਼ਣ ਦੀ ਹਮਾਇਤ ਕਰਦਿਆਂ ਬਾਜਵਾ ਨੇ ਕਿਹਾ ਕਿ ਜਦੋਂ ਵੀ ਕੇਂਦਰ ਦੀ ਭਾਜਪਾ ਸਰਕਾਰ ਦਲਿਤਾਂ, ਘੱਟ ਗਿਣਤੀਆਂ ਜਾਂ ਹੋਰ ਕਮਜ਼ੋਰ ਵਰਗਾਂ ਸਮੇਤ ਸਮਾਜ ਦੇ ਕਿਸੇ ਵੀ ਵਰਗ ਨਾਲ ਬੇਇਨਸਾਫ਼ੀ ਕਰਨ ਦੀ ਹਿੰਮਤ ਕਰੇਗੀ ਤਾਂ ਕਾਂਗਰਸ ਪਾਰਟੀ ਇਨ੍ਹਾਂ ਲੋਕਾਂ ਨਾਲ ਡਟ ਕੇ ਖੜ੍ਹੀ ਹੋਵੇਗੀ। ਦੇਸ਼ ਚ ਇਸ ਸਮੇਂ ਹਾਲਾਤ ਅਜਿਹੇ ਹਨ ਕਿ ਲੋਕਾਂ ਨੂੰ ਭਾਸ਼ਾ, ਧਰਮ ਅਤੇ ਜਾਤ ਦੇ ਆਧਾਰ ਤੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਭਾਜਪਾ ਨੇ ਉਨ੍ਹਾਂ (ਰਾਹੁਲ ਗਾਂਧੀ) ਦੇ ਬਿਆਨ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਹੈ। ਬਾਜਵਾ ਨੇ ਕਿਹਾ ਕਿ ਅਮਰੀਕਾ ਵਿਚ ਰਾਹੁਲ ਗਾਂਧੀ ਵੱਲੋਂ ਪ੍ਰਗਟਾਏ ਗਏ ਵਿਚਾਰਾਂ ਨੂੰ ਪੰਜਾਬ ਤੋਂ ਭਰਵਾਂ ਹੁੰਗਾਰਾ ਮਿਲਿਆ ਕਿਉਂਕਿ ਉਨ੍ਹਾਂ ਨੇ ਜੋ ਕਿਹਾ ਉਹ ਬਹੁਤ ਹੱਦ ਤੱਕ ਸੱਚ ਸੀ।



ਸੀਨੀਅਰ ਕਾਂਗਰਸੀ ਆਗੂ ਬਾਜਵਾ ਨੇ ਹਰਦੀਪ ਸਿੰਘ ਪੁਰੀ ਅਤੇ ਇਕਬਾਲ ਸਿੰਘ ਲਾਲਪੁਰਾ ਸਮੇਤ ਭਾਜਪਾ ਆਗੂਆਂ ਤੇ ਉਂਗਲ ਉਠਾਉਂਦਿਆਂ ਕਿਹਾ ਕਿ ਜਦੋਂ ਪ੍ਰਦਰਸ਼ਨਕਾਰੀ ਸਿੱਖ ਕਿਸਾਨਾਂ ਨੂੰ ਖਾਲਿਸਤਾਨੀ ਅੱਤਵਾਦੀ ਕਹਿ ਕੇ ਬਦਨਾਮ ਕੀਤਾ ਗਿਆ ਤਾਂ ਉਨ੍ਹਾਂ ਨੇ ਇੱਕ ਸ਼ਬਦ ਵੀ ਕਿਉਂ ਨਹੀਂ ਬੋਲਿਆ।

ਲਖੀਮਪੁਰ ਖੇਰੀ ਚ ਸਿੱਖਾਂ ਸਮੇਤ ਪ੍ਰਦਰਸ਼ਨਕਾਰੀ ਕਿਸਾਨਾਂ ਦੀ ਹੱਤਿਆ ਭਾਜਪਾ ਨੇਤਾ ਆਸ਼ੀਸ਼ ਮਿਸ਼ਰਾ ਨੇ ਕੀਤੀ, ਜੋ ਸਾਬਕਾ ਮੰਤਰੀ ਅਜੇ ਮਿਸ਼ਰਾ ਟੇਨੀ ਦੇ ਬੇਟੇ ਹਨ। ਨਾ ਤਾਂ ਪੁਰੀ ਅਤੇ ਨਾ ਹੀ ਲਾਲਪੁਰਾ ਨੇ ਇਸ ਘਟਨਾ ਦੀ ਨਿੰਦਾ ਕੀਤੀ।

ਵਿਰੋਧੀ ਧਿਰ ਦੇ ਆਗੂ ਨੇ ਕਿਹਾ ਕਿ ਸ਼ੰਭੂ ਅਤੇ ਖਨੌਰੀ ਸਰਹੱਦਾਂ ਤੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ, ਖ਼ਾਸ ਕਰ ਕੇ ਸਿੱਖਾਂ ਨੂੰ ਭਾਜਪਾ ਦੀ ਅਗਵਾਈ ਵਾਲੀ ਹਰਿਆਣਾ ਸਰਕਾਰ ਨੇ ਬੇਰਹਿਮੀ ਨਾਲ ਕੁੱਟਿਆ। ਨੌਜਵਾਨ ਸਿੱਖ ਕਿਸਾਨ ਸ਼ੁਭਕਰਨ ਸਿੰਘ ਦਾ ਸਰਹੱਦ ਤੇ ਕਤਲ ਕਰ ਦਿੱਤਾ ਗਿਆ ਸੀ। ਇਨ੍ਹਾਂ ਦੋਵਾਂ ਨੇਤਾਵਾਂ ਵਿਚੋਂ ਕਿਸੇ ਨੇ ਵੀ ਕੁਝ ਨਹੀਂ ਬੋਲਿਆ।

# ਵਕ.ਫ ਬੋਰਡ ਬਿੱਲ ਵਾਪਿਸ ਲਿਆ ਜਾਵੇ ਨਹੀਂ ਤਾਂ ਤਿੱਖਾ ਸੰਘਰਸ਼ ਕੀਤਾ ਜਾਵੇਗਾ

## ਮੋਦੀ ਸਰਕਾਰ ਦਾ ਪੁਤਲਾ ਫੂਕ ਰੋਸ਼ ਪ੍ਰਦਰਸ਼ਨ ਕੀਤਾ ਗਿਆ





ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਵਕ਼ਫ਼ ਸੋਧ ਬਿੱਲ 2024 ਦੇ ਵਿਰੋਧ ਵਿੱਚ ਅੱਜ ਕੌਮੀ ਘੱਟ ਗਿਣਤੀ ਰਾਖਵਾਂਕਰਨ ਦੇ ਸੂਬਾ ਪ੍ਰਧਾਨ ਪੰਜਾਬ ਹਾਜੀ ਸਰਬਰ ਗੁਲਾਮ ਸਬਾ ਦੀ ਅਗਵਾਈ ਹੇਠ ਇਸ ਬਿੱਲ ਦੇ ਵਿਰੋਧ ਵਿੱਚ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ ਜਿਸ ਵਿੱਚ ਸੈਂਕੜੇ ਲੋਕਾਂ ਨੇ ਭਾਗ ਲਿਆ ਅਤੇ ਫਗਵਾੜਾ ਤਹਿਸੀਲ ਕੰਪਲੈਕਸ ਵਿਖੇ ਐੱਸ. ਡੀ. ਐਮ ਨੂੰ ਮੰਗ ਪੱਤਰ ਦੇ ਸਾਰਾ ਮਾਮਲਾ ਉਨ੍ਹਾਂ ਦੇ ਧਿਆਨ ਹਿੱਤ ਲਿਆਦਾ ਗਿਆ ਅਤੇ ਕੇਂਦਰ ਦੀ ਮੋਦੀ ਸਰਕਾਰ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੂਬਾ ਪ੍ਰਧਾਨ ਪੰਜਾਬ ਸਰਬਰ ਗੁਲਾਮ ਸਬਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਜੋ ਬਿੱਲ ਸੰਸਦ ਵਿੱਚ ਪੇਸ਼ ਕੀਤਾ ਗਿਆ ਹੈ ਉਸ ਪ੍ਰਤੀ ਸਰਕਾਰ ਦੀ ਨੀਅਤ ਠੀਕ ਨਹੀਂ ਹੈ, ਅਸੀਂ ਮੁਸਲਮਾਨ ਇਸ ਸਮੇਂ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਚਾਹੁੰਦੇ ਇਸਨੂੰ ਵਾਪਸ ਲਿਆ ਜਾਵੇ ਇਸ ਮਾਮਲੇ ਤੇ ਮੁਫਤੀ ਸ਼ੁਏਬ ਆਲਮ ਨੇ ਕਿਹਾ ਕਿ ਸਰਕਾਰ ਨੇ ਜਿਸ ਤਰ੍ਹਾਂ ਇਸ ਬਿੱਲ ਨੂੰ ਪੇਸ਼ ਕੀਤਾ ਹੈ, ਉਸ ਤੋਂ ਸਰਕਾਰ ਦੀ ਇਸ ਨੂੰ ਹਾਸਲ ਕਰਨ ਦੀ ਮਨਸ਼ਾ ਝਲਕਦੀ ਹੈ ਇਸ ਮੌਕੇ ਇਕੱਠੇ ਹੋਏ ਇੱਕਠ ਨੇ ਸਿਸਟਮ ਬਿੱਲ ਨੂੰ ਵਾਪਸ ਪ੍ਰਾਪਤ ਕਰਨ ਜੇਕਰ ਕੋਈ ਵੀ ਕੁਰਬਾਨੀ ਦੇਣੀ ਪਈ ਤਾਂ ਦੇਵਾਂਗੇ ਅੰਤ ਵਿੱਚ ਮੌਲਾਨਾ ਨਸਾਮ ਅਹਿਮਦ ਕਾਸਮੀ ਅਤੇ ਕਾਰੀ ਗਫ਼ੂਰ ਅਹਿਮਦ ਨੇ ਸਮੂਹ ਭਾਈਚਾਰੇ ਵਲੋਂ ਇਸ ਰੋਸ ਮਾਰਚ ਨੂੰ ਸਫਲ ਬਣਾਉਣ ਲਈ ਆਏ ਹੋਏ ਸਾਰੇ ਲੋਕਾਂ ਦਾ ਧੰਨਵਾਦ ਕੀਤਾ ਕਮਰੁਲ, ਮੁਹੰਮਦ. ਅਸਲਮ, ਫਿਰੋਜ਼ ਅਹਿਮਦ, ਏਜਾਜ਼ ਸਾ, ਰਹਿਮਤੁੱਲਾ ਰਾਮਸ਼ੇਰ, ਮੁਤੀਉਰ ਰਹਿਮਾਨ, ਮੁਹੰਮਦ ਕੈਸਰ, ਮੁਹੰਮਦ. ਤਾਜਿਮ ਮੁਹੰਮਦ ਮੁੰਨਾ ਮਾਸਟਰ, ਮੁਹੰਮਦ। ਰਫੀਕ, ਅਲਾਉਦੀਨ, ਸ਼ਾਹਜਹਾਂ ਅਤੇ ਹਜ਼ਾਰਾਂ ਲੋਕ ਮੌਜੂਦ ਸਨ

# ਕੈਨੇਡਾ ਤੋਂ ਭਾਰਤ ਪਹੁੰਚੀ ਪ੍ਰੀਤ ਨਗਰ ਦੇ ਨੌਜਵਾਨ ਦੀ ਮ੍ਰਿਤਕ ਦੇਹ

## ਲਾਸ਼ ਪਹੁੰਚਦਿਆਂ ਹੀ ਪ੍ਰੀਤ ਨਗਰ ਚ ਦੋੜੀ ਸ਼ੋਕ ਦੀ ਲਹਿਰ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਵਿਦੇਸ਼ਾਂ ਦੀ ਚਮਕ ਦਮਕ ਕਾਰਣ ਅੱਜ ਹਜ਼ਾਰਾਂ ਹੀ ਬੱਚੇ ਅਪਣੇ ਭਵਿੱਖ ਦੀ ਤਲਾਸ਼ ਚ ਵਿਦੇਸ਼ਾਂ ਵੱਲ ਦਾ ਰੁੱਖ ਕਰ ਰਹੇ ਹਨ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਆਸ ਹੁੰਦੀ ਕਿ ਸਾਡਾ ਬੱਚਾ ਵਿਦੇਸ਼ ਜਾਕੇ ਉਨ੍ਹਾਂ ਦੇ ਜੀਵਨ ਨੂੰ ਬਦਲਣ ਚ ਸ਼ਾਇਦ ਵੱਡੀ ਭੂਮਿਕਾ ਨਿਭਾਵੇਗਾ ਪਰ ਹਕੀਕਤ ਕੁੱਝ ਹੋਰ ਹੀ ਹੋ ਜਾਵੇ ਇਸ ਦਾ ਅਹਿਸਾਸ ਸ਼ਾਇਦ ਉਨ੍ਹਾਂ ਦੇ ਪਰਿਵਾਰ ਨੂੰ ਵੀ ਨਹੀ ਹੁੰਦਾ ਅਜਿਹਾ ਹੀ ਇਕ ਮਾਮਲਾ ਇੱਥੋ ਦੇ ਚੰਗੇ ਭਵਿੱਖ ਲਈ ਗਏ ਇੱਕ ਨੌਜਵਾਨ ਪੰਜਾਬੀ ਦੀ ਕੈਨੇਡਾ ਚ ਰੋਡ ਐਕਸੀਡੈਂਟ ਨਾਲ ਮੌਕੇ ਤੇ ਹੀ ਮੌਤ ਹੋ ਗਈ ਸੀ ਮ੍ਰਿਤਕ ਰਜਤ ਕੁਮਾਰ ( 26 ) ਪੁੱਤਰ ਵਰਿੰਦਰ ਕੁਮਾਰ ਗਲੀ ਨੰਬਰ 3 ਮੁੱਹਲਾ ਪ੍ਰੀਤ ਨਗਰ ਫਗਵਾੜਾ ਜ਼ਿਲ੍ਹਾ ਕਪੂਰਥਲਾ ਦੀ ਲਾਸ਼ ਜਦੋ ਅੱਜ ਉਨ੍ਹਾਂ ਦੇ ਘਰ ਪੁੱਜੀ ਤਾਂ ਮਾਹੌਲ ਇਸ ਕਦਰ ਗਮਗੀਨ ਹੋ ਗਿਆ ਪਰਿਵਾਰ ਜਿੱਥੇ ਅਪਣੇ ਨੌਜਵਾਨ ਪੁੱਤਰ ਦੀ ਲਾਸ਼ ਨੂੰ ਵੇਖ ਭੂਬਾ ਮਾਰ ਰੋ ਰਿਹਾ ਸੀ ਉੱਥੇ ਹੀ ਇਲਾਕੇ ਦੇ ਲੋਕਾ ਦੇ ਹੰਝੂ ਵੀ ਰੁਕਣ ਦਾ ਨਾਂਅ ਵੀ ਨਹੀਂ ਲੈ ਰਹੇ ਸਨ ਉਨ੍ਹਾਂ ਦੇ ਆਉਣ ਦੀ ਖਬਰ ਮਿਲਦੇ ਸਾਰ ਹੀ ਸਾਕ ਸਬੰਧੀਆਂ ਇਲਾਕੇ ਦੇ ਲੋਕਾ ਦਾ ਉਨ੍ਹਾਂ ਘਰ ਤਾਂਤਾ ਲੱਗਣਾ ਸ਼ੁਰੂ ਹੋ ਗਿਆ ਕਿੰਨੀਆ ਆਸਾ ਅਤੇ ਉਮੀਦਾਂ ਇਸ ਪਰਿਵਾਰ ਨੂੰ ਸਨ ਕਿ ਉਨ੍ਹਾਂ ਦਾ ਬੇਟਾ ਅਗਲੇ ਹਫਤੇ ਹੀ ਇੰਡਿਆ ਆਉਣਾ ਸੀ ਪਰ ਪ੍ਰਮਾਤਮਾ ਨੂੰ ਕੁੱਝ ਹੋਰ ਹੀ ਮਨਜ਼ੂਰ ਸੀ ਉਨ੍ਹਾਂ ਦਾ ਅੰਤਿਮ ਸੰਸਕਾਰ ਅੱਜ ਭੂਆਂ ਧਮੜੀ ਸ਼ਮਸ਼ਾਨ ਘਾਟ ਵਿਖੇ ਕੀਤਾ ਗਿਆ ਇਸ ਮੌਕੇ ਬੀਬੀ ਸਰਬਜੀਤ ਕੌਰ ਸਾਬਕਾ ਕੋਸਲਰ , ਹਨੀ ਧਾਲੀਵਾਲ ਸਪੁੱਤਰ ਬਲਵਿੰਦਰ ਸਿੰਘ ਧਾਲੀਵਾਲ, ਜਸਵਿੰਦਰ ਸਿੰਘ ਭਗਤਪੁਰਾ , ਡਾ ਰਮਨ , ਸੰਜੀਵ ਸ਼ਰਮਾ ਟੀਟੂੰ , ਦੋਲਤ ਰਾਮ , ਮਲਕੀਅਤ ਸਿੰਘ , ਸੰਨੀ , ਆਰ ਕੇ ਸਲਹੋਤਰਾ , ਗੁਰਮੀਤ ਸਿੰਘ , ਬਲਵੀਰ ਸਿੰਘ , ਰਜਿੰਦਰ ਘੇੜਾ , ਵਿਜੇ ਗੁਰੁ ਡਾ ਅਜੀਤ ਸਿੰਘ , ਡਾ ਸੰਨਤ ਵਿਸ਼ਵਾਸ , ਨਿਰਮਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਮੌਜੂਦ ਸਨ

# ਭਗਵੰਤ ਮਾਨ ਸਰਕਾਰ ਦੇ ਰਾਜ ਅੰਦਰ ਸਿਹਤ ਅਤੇ ਸਿੱਖਿਆ ਦਾ ਬੁਰਾ ਹਾਲ:ਸਰਪੰਚ ਧਾਲੀਵਾਲ

## ਮੁੱਖ ਮੰਤਰੀ ਦੇ ਹਲਕੇ ਅੰਦਰ ਟੁੱਟੀਆਂ ਸੜਕਾਂ ਸਰਕਾਰ ਦੇ ਦਾਅਵਿਆਂ ਦੀ ਖਿੱਲੀ ਉਡਾ ਰਹੀਆਂ ਹਨ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਬਦਲਾਅ ਦੇ ਨਾਂ ਹੇਠ ਵੱਡੇ ਵੱਡੇ ਦਮਗਜੇ ਮਾਰ ਕੇ ਸੂਬੇ ਅੰਦਰ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਲੋਕਾਂ ਨੂੰ ਸਿੱਖਿਆ ਅਤੇ ਸਿਹਤ ਸਹੂਲਤਾਂ ਦੇਣ ਵਿੱਚ ਬੁਰੀ ਤਰ੍ਹਾਂ ਫੇਲ ਸਾਬਤ ਹੋਈ ਹੈ। ਜਿਸ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਸਰਪੰਚ ਰਣਜੀਤ ਸਿੰਘ ਧਾਲੀਵਾਲ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਹੈ ਕਿ ਲੋਕਾਂ ਨੂੰ ਬਦਲਾਅ ਦੇ ਨਾ ਹੇਠ ਗੁੰਮਰਾਹ ਕਰਕੇ ਸੱਤਾ ਵਿੱਚ ਆਈ ਆਪ ਸਰਕਾਰ ਲੋਕਾਂ ਨੂੰ ਚੰਗੀਆਂ ਸਿਹਤ ਅਤੇ ਸਿੱਖਿਆ ਵਰਗੀਆਂ ਬੁਨਿਆਦੀ ਸਹੂਲਤਾਂ ਦੇਣ ਵਿੱਚ ਫਲਾਪ ਹੁੰਦੀ ਨਜ਼ਰ ਆ ਰਹੀ ਹੈ ਕਿਉਂਕਿ ਤਿੰਨ ਸਾਲਾਂ ਦੇ ਕਾਰਜ ਕਾਲ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਦੇ ਰਾਜ ਅੰਦਰ ਸਰੇਆਮ ਗੁੰਡਾਗਰਦੀ, ਕਤਲੇਆਮ, ਚੋਰੀਆਂ ਅਤੇ ਖਾਸ ਕਰ ਨਸ਼ਿਆਂ ਦੇ ਵਧੇ ਕਾਰੋਬਾਰ ਨੇ ਸੂਬੇ ਨੂੰ ਬਰਬਾਦ ਕਰਕੇ ਰੱਖ ਦਿੱਤਾ ਹੈ। ਉਹਨਾਂ ਅੱਗੇ ਦੱਸਿਆ ਕਿ ਪਿੰਡਾਂ ਅੰਦਰ ਮਹੱਲਾ ਕਲੀਨਿਕ ਖੋਲ ਕੇ ਪੰਜਾਬ ਦੇ ਲੋਕਾਂ ਦਾ ਪੈਸਾ ਪਾਣੀ ਵਾਂਗ ਵਹਾਇਆ ਹੈ ਗਿਆ ਹੈ। ਜਦੋਂ ਕਿ ਸੂਬੇ ਅੰਦਰ ਪਹਿਲੋਂ ਹੀ ਬਣੇ ਸਰਕਾਰੀ ਹਸਪਤਾਲਾਂ ਵਿੱਚ ਨਾ ਤਾਂ ਪੂਰੇ ਡਾਕਟਰ ਹਨ ਅਤੇ ਨਾ ਹੀ ਦਵਾਈਆਂ। ਸਗੋਂ ਹਸਪਤਾਲ ਬੰਦ ਹੋਣ ਦੇ ਕਿਨਾਰੇ ਦਿਖਾਈ ਦੇ ਰਹੇ ਹਨ। ਇਸੇ ਤਰ੍ਹਾਂ ਸਿੱਖਿਆ ਦੇ ਖੇਤਰ ਵਿੱਚ ਵੀ ਸਰਕਾਰ ਬੱਚਿਆਂ ਨੂੰ ਪੂਰੇ ਅਧਿਆਪਕ ਨਾ ਦੇਣ ਕਰਕੇ ਉਹਨਾਂ ਦੀ ਜ਼ਿੰਦਗੀ ਨਾਲ ਖਿਲਵਾੜ ਕਰਦੀ ਆ ਰਹੀ ਹੈ। ਧਾਲੀਵਾਲ ਨੇ ਅੱਗੇ ਦੱਸਿਆ ਹੈ ਕਿ ਹਾਲ ਹੀ ਦੌਰਾਨ ਸੂਬਾ ਸਰਕਾਰ ਵੱਲੋਂ ਡੀਜ਼ਲ ਪੈਟਰੋਲ ਅਤੇ ਬਿਜਲੀ ਦੀਆਂ ਕੀਮਤਾਂ ਵਿੱਚ ਕੀਤੇ ਅਥਾਹ ਵਾਧੇ ਨੇ ਲੋਕਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ। ਇਸੇ ਕਰਕੇ ਸੂਬੇ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਬਣਾ ਕੇ ਆਪਣੇ ਆਪ ਨੂੰ ਲੁੱਟੇ ਲੁੱਟੇ ਮਹਿਸੂਸ ਕਰਨ ਲੱਗੇ ਹਨ। ਉਹਨਾਂ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਪਣੇ ਹਲਕੇ ਅੰਦਰ ਹੀ ਸੜਕਾਂ ਦਾ ਇੰਨਾ ਮਾੜਾ ਹਾਲ ਹੈ ਕਿ ਉਹਨਾਂ ਵਿੱਚ ਪਏ ਵੱਡੇ ਵੱਡੇ ਟੋਏ ਸਰਕਾਰ ਦੇ ਬਦਲਾ ਦੀ ਖਿੱਲੀ ਉਡਾ ਰਹੇ ਹਨ। ਅੱਜ ਸੂਬੇ ਦਾ ਕਿਸਾਨ ਮਜ਼ਦੂਰ ਆਮ ਆਦਮੀ ਆਪ ਪਾਰਟੀ ਦੀਆਂ ਲੋਕ ਮਾਰੂ ਨੀਤੀਆਂ ਤੋਂ ਬੁਰੀ ਤਰ੍ਹਾਂ ਤੰਗ ਹੋ ਚੁੱਕਾ ਹੈ। ਜਿਸ ਕਰਕੇ ਲੋਕ ਕਾਂਗਰਸ ਪਾਰਟੀ ਦੇ ਰਾਜ ਨੂੰ ਮੁੜ ਸੂਬੇ ਅੰਦਰ ਲਿਆਉਣ ਲਈ ਉਤਾਵਲੇ ਹਨ।



# ਪੰਜਾਬ ਮਿਉਂਸਿਪਲ ਵਰਕਰਜ਼ ਦੀ ਮੀਟਿੰਗ 15 ਨੂੰ



ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਪੰਜਾਬ ਮਿਉਂਸਿਪਲ ਵਰਕਰਜ਼ ਯੂਨੀਅਨ ਅਤੇ ਪੰਜਾਬ ਰਿਟਾਇਰਡ ਮਿਊਂਸੀਪਲ ਵਰਕਰਜ਼ ਯੂਨੀਅਨ ਵੱਲੋਂ ਲਏ ਗਏ ਸਾਂਝੇ ਫੈਸਲੇ ਅਨੁਸਾਰ ਦੋਵਾਂ ਯੂਨੀਅਨਾਂ ਦੇ ਸੂਬਾ ਪ੍ਰਧਾਨ ਦੀ ਚੋਣ ਜਲਦੀ ਹੀ ਕਰਵਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਮਿਊਸਪਲ ਵਰਕਰ ਯੂਨੀਅਨ ਦੇ ਸੂਬਾ ਆਗੂ ਸੁਖਬੀਰ ਸਿੰਘ ਨੇ ਦੱਸਿਆ ਕਿ ਇਸ ਤਹਿਤ ਮੀਟਿੰਗ ਬੁਲਾਉਣ ਦਾ ਫੈਸਲਾ ਕੀਤਾ ਗਿਆ।

ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਜਿਸ ਤਹਿਤ ਜ਼ਿਲ੍ਹਾ ਲੁਧਿਆਣਾ ਦੇ ਮੌਜੂਦਾ ਅਤੇ ਸੇਵਾਮੁਕਤ ਮਿਉਂਸਪਲ ਮੁਲਾਜ਼ਮਾਂ ਦੀ ਸਾਂਝੀ ਮੀਟਿੰਗ 15 ਸਤੰਬਰ ਨੂੰ ਸਵੇਰੇ 10 ਵਜੇ ਨਗਰ ਕੌਂਸਲ ਦਫ਼ਤਰ, ਸ਼੍ਰੀ ਅਨੰਦਪੁਰ ਸਾਹਿਬ ਮਾਤਾ ਨੈਣਾ ਦੇਵੀ ਰੋਡ ਵਿਖੇ ਹੋਣ ਜਾ ਰਹੀ ਹੈ।ਇਸ ਮੌਕੇ ਚੋਣਾਂ ਸਬੰਧੀ ਵਿਚਾਰ-ਵਟਾਂਦਰਾ ਕਰਨ ਤੋਂ ਇਲਾਵਾ ਦੋਵੇਂ ਯੂਨੀਅਨਾਂ ਵੱਲੋਂ ਸਰਕਾਰ ਨੂੰ ਭੇਜੇ ਗਏ ਮੰਗ ਪੱਤਰਾਂ ਬਾਰੇ ਵੀ ਚਰਚਾ ਕੀਤੀ ਜਾਵੇਗੀ। ਉਨ੍ਹਾਂ ਸਮੂਹ ਮੈਂਬਰਾਂ ਨੂੰ ਇਸ ਮੀਟਿੰਗ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

# ਦਿਵਿਆਂਗ ਸ਼ੇਰੇ ਪੰਜਾਬ ਟੀ-20 ਕ੍ਰਿਕਟ ਕੱਪ 15 ਸਤੰਬਰ ਨੂੰ ਆਯੋਜਿਤ



(ਲੋਕ ਬਾਣੀ) ਦਿਫੇਰੇਲਟੀ ਐਬਲੇਡ ਕ੍ਰਿਕੇਟ ਕੌਂਸਲ ਆਫ ਪੰਜਾਬ ਵੱਲੋਂ 15 ਸਤੰਬਰ ਨੂੰ ਦਿਵਿਆਂਗ ਸ਼ੇਰੇ ਪੰਜਾਬ ਟੀ-20 ਕ੍ਰਿਕਟ ਕੱਪ ਆਯੋਜਿਤ ਕੀਤਾ ਜਾ ਰਿਹਾ ਹੈ। ਦਿਫੇਰੇਲਟੀ ਐਬਲੇਡ ਕ੍ਰਿਕੇਟ ਕੌਂਸਲ ਆਫ ਪੰਜਾਬ ਦੇ ਪ੍ਰਧਾਨ, ਅਰੁਣ ਮੌਂਟੀ ਅਰੋੜਾ, ਅਤੇ ਜਰਨਲ ਸਕੱਤਰ ਅਲੋਕ ਕੁਮਾਰ ਨਾਗਪਾਲ ਨੇ ਇਸ ਮਿਆਰੀ ਟੂਰਨਾਮੈਂਟ ਦੀ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਇਸ ਮੁਕਾਬਲੇ ਵਿੱਚ ਮੁੱਖ ਮਹਿਮਾਨ ਵਜੋਂ ਫਾਜ਼ਿਲਕਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ, ਐਸ ਐਸ ਪੀ ਵਰਿੰਦਰ ਸਿੰਘ ਬਰਾੜ ਅਤੇ ਆਮ ਆਦਮੀ ਪਾਰਟੀ ਮਹਿਲਾ ਵਿੰਗ ਦੀ ਜ਼ਿਲ੍ਹਾ ਸਕੱਤਰ ਅਤੇ ਕੌਂਸਲਰ ਪੂਜਾ ਲੂਥਰਾ ਸਚਦੇਵਾ ਸ਼ਿਰਕਤ ਕਰਨਗੇ। ਇਸ ਮੌਕੇ ਬਲਜੀਤ ਸਿੰਘ ਭੁੱਲਰ, ਕਮਲਜੀਤ ਸਿੰਘ ਗਿੱਲ, ਜਸਵਿੰਦਰ ਸਿੰਘ ਚਹਿਲ ਉਪ ਜ਼ਿਲ੍ਹਾ ਮੰਡੀ ਅਫ਼ਸਰ ਫਾਜ਼ਿਲਕਾ, ਸਿਧਾਂਤ ਸਚਦੇਵਾ ਮੇਨੇਜਰ ਕੈਨਰਾ ਬੈਕ ਫਾਜ਼ਿਲਜਾ , ਹਿਮਾਂਸ਼ੂ ਕੁੱਕੜ ਡੀ ਐੱਫ ਐਸ ਓ ਫਾਜ਼ਿਲਕਾ ਅਤੇ ਮਨੋਜ ਸ਼ਰਮਾ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ

# ਸ਼ਾਂਤੀ ਦੇਵੀ ਕਾਲਜ ਦੀ ਖੇਡ ਮੁਕਾਬਲਿਆਂ ਚ ਬੱਲੇ ਬੱਲੇ।

ਦੀਨਾਨਗਰ (ਡਾ.ਰਮੇਸ਼ ਸਰੰਗਲ, ਵਰੁਣ ਸਰੰਗਲ ) ਦੀਨਾਨਗਰ ਦੇ ਖੇਡਾਂ ਵਤਨ ਪੰਜਾਬ ਦੀਆਂ (2024-25) ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਦੀਨਾਨਗਰ ਵਿਚ ਬਲੋਕ ਲੈਵਲ ਟੂਰਨਾਮੈਂਟ (11/9/2024) ਕਰਵਾਇਆ ਗਿਆ। ਜਿਸ ਵਿਚ ਅਬਲੇਟਿਕਸ ਅਤੇ ਕਬੱਡੀ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆ ਵਿਚ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਆਂ ਖਿਡਾਰਨਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ। ਅਥਲੈਟਿਕਸ ਵਿਚ 100, 200, 400, 800, 1500, 5000 ਮੀਟਰ ਰੇਸਾ, ਲੰਬੀ ਛਾਲ , ਅਤੇ ਸ਼ਾਟਪੁੱਟ ਇਵੈਂਟ ਕਰਵਾਏ ਗਏ। ਅਥਲੈਟਿਕਸ ਮੁਕਾਬਲਿਆਂ ਵਿਚ ਕਾਲਜ ਦੀਆਂ ਖਿਡਾਰਨਾਂ ਨੂੰ 5 ਗੋਲਡ ਮੈਡਲ, 3 ਸਿਲਵਰ ਅਤੇ 6 ਬਰਾਊਨਜ (ਕੁੱਲ 14) ਮੈਡਲ ਜਿੱਤੇ। ਅੰਡਰ - 17, 100 , ਮੀਟਰ ਰੇਸ ਮੁਕਾਬਲੇ ਵਿਚ ਰਮਨਦੀਪ ਨੇ ਪਹਿਲਾ ਤੇ ਲੰਬੀ ਛਾਲ ਵਿਚ ਦੂਜਾ ਸਥਾਨ ਪ੍ਰਾਪਤ ਕੀਤਾ। ਅੰਡਰ-21, 100 ਮੀਟਰ ਰੇਸ ਵਿਚ ਸੁਨੈਨਾ ਨੇ ਤੀਜਾ, 200 ਮੀਟਰ ਰੇਸ ਵਿਚ ਕਿਰਨਪ੍ਰੀਤ ਨੇ ਦੂਜਾ, 400 ਮੀਟਰ ਰੇਸ ਵਿਚ ਪਲਕ ਨੇ ਤੀਜਾ, 5000 ਮੀਟਰ ਰੇਸ ਵਿਚ ਦੀਆ ਨੇ ਦੂਜਾ ਮੀਟਰ ਤੇ ਦਿਕਸ਼ਾ ਨੇ ਤੀਜਾ, 1500 ਮੀਟਰ ਰੇਸ ਵਿਚ ਦੀਆ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ (21-30) ਵਿਚ 100 ਮੀਟਰ ਰੇਸ ਵਿਚ ਤਰਨਦੀਪ ਨੇ ਪਹਿਲਾ, 800 ਮੀਟਰ ਰੇਸ ਵਿਚ ਤਾਨੀਆ ਨੇ ਪਹਿਲਾ ਅਤੇ 1500 ਮੀਟਰ ਰੇਸ ਵਿਚ ਵੀ ਤਾਨੀਆ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਲੰਬੀ ਛਾਲ ਮੁਕਾਬਲੇ ਵਿਚ ਤਰਨਦੀਪ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਕਾਲਜ ਦੀ ਕਬੱਡੀ ਟੀਮ ( ਦਿਕਸ਼ਾ, ਸੁਨੈਨਾ , ਨਮਰਤਾ, ਕਿਰਨਪ੍ਰੀਤ, ਦੀਆ, ਪਲਕ , ਵੈਸ਼ਿਕਾ) ਨੇ 8 ਮੈਡਲ ਜਿੱਤ ਕੇ ਓਵਰਆਲ ਤੀਜਾ ਸਥਾਨ ਹਾਸਿਲ ਕੀਤਾ। ਇਹਨਾਂ ਹੋਣਹਾਰ ਅਤੇ ਜੇਤੂ ਲੜਕੀਆਂ ਨੂੰ ਮੋਮੈਂਟੋ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾਕਟਰ ਸੁਸ਼ਮਾ ਗੁਪਤਾ ਅਤੇ ਕਾਲਜ, ਪੀ. ਆਰ.ਓ (ਡਾ. ਕੁਲਵਿੰਦਰ ਕੌਰ ਛੀਨਾ) ਵਲੋਂ ਮੈਡਮ ਤਲਜਿੰਦਰ, ,ਜੇਤੂ ਖਿਡਾਰਨਾਂ ਅਤੇ ਇਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਕਾਲਜ ਪ੍ਰਿੰਸੀਪਲ ਨੇ ਜੇਤੂ ਖਿਡਾਰਨਾਂ ਦੀ ਜਿੱਤ ਦੀ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਭਵਿਖ ਵਿਚ ਹੋਰ ਵੱਡੀਆਂ ਉਪਲੱਬਧੀਆਂ ਪ੍ਰਾਪਤ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।



# ਪਦਮਸ਼੍ਰੀ ਡਾ: ਪੂਨਮ ਸੂਰੀ ਨੇ ਡਾ: ਵਿਨੋਦ ਸ਼ਰਮਾ ਦੇ ਕਾਵਿ ਸੰਗ੍ਰਹਿ ਅਰੁਣਿਮਾ ਨੂ ਰਿਲੀਜ ਕੀਤਾ

ਚੰਡੀਗੜ੍ਹ। ਪ੍ਰਸਿੱਧ ਸਾਹਿਤਕਾਰ ਡਾ.ਵਿਨੋਦ ਸ਼ਰਮਾ ਦੇ ਨਵੇਂ ਪ੍ਰਕਾਸ਼ਿਤ ਕਾਵਿ ਸੰਗ੍ਰਹਿ ਅਰੁਣਿਮਾ ਦਾ ਅਨਾਵਰਣ ਡੀਏਵੀ ਕਾਲਜ ਪ੍ਰਬੰਧਕੀ ਕਮੇਟੀ ਨਵੀਂ ਦਿੱਲੀ ਦੇ ਮੁਖੀ ਔਰ ਡੀਏਵੀ ਯੂਨੀਵਰਸਿਟੀ ਦੇ ਚਾਂਸਲਰ ਪਦਮਸ਼੍ਰੀ ਪੂਨਮ ਸੂਰੀ ਨੇ ਜਨਰਲ ਸਕੱਤਰ ਅਜੇ ਸੂਰੀ, ਮੀਤ ਪ੍ਰਧਾਨ ਪ੍ਰਬੋਧ ਮਹਾਜਨ ਅਤੇ ਸਕੱਤਰ ਰਵਿੰਦਰ ਤਲਵਾਰ ਦੀ ਹਾਜ਼ਰੀ ਵਿੱਚ ਕੀਤਾ। ਉਨ੍ਹਾਂ ਇਸ ਨਵੇਂ ਪ੍ਰਕਾਸ਼ਿਤ ਕਾਵਿ ਸੰਗ੍ਰਹਿ ਲਈ ਡਾ: ਵਿਨੋਦ ਸ਼ਰਮਾ ਨੂੰ ਵਧਾਈ ਦਿੱਤੀ। ਇਸ ਕਾਵਿ ਸੰਗ੍ਰਹਿ ਵਿੱਚ ਕੁੱਲ 81 ਪ੍ਰਭਾਵਸ਼ਾਲੀ ਕਵਿਤਾਵਾਂ ਸੰਗ੍ਰਹਿਤ ਹਨ, ਜੋ ਪਾਠਕਾਂ ਦੇ ਦਿਲਾਂ ਨੂੰ ਝੂਮਣ ਦੇ ਸਮਰੱਥ ਹਨ। ਕਵਿਤਾਵਾਂ ਆਮ ਜੀਵਨ ਦੇ ਛੋਟੇ ਵਿਸ਼ਿਆਂ ਤੋਂ ਲੈ ਕੇ ਅਧਿਆਤਮਿਕ ਵਿਸ਼ਿਆਂ ਤੱਕ ਹੁੰਦੀਆਂ ਹਨ। ਜਿੱਥੇ ਉਸ ਨੇ ਸਾਹਸ, ਹੰਕਾਰ, ਸ਼ਿਸ਼ਟਾਚਾਰ, ਵਿਸ਼ਵਾਸ, ਨਫ਼ਾ-ਨੁਕਸਾਨ, ਉੱਚੀ ਪਦਵੀ, ਹਾਸਿਲ-ਹਾਰ, ਭੁੱਖ, ਚਿੰਤਾਵਾਂ ਤੋਂ ਰਹਿਤ, ਸ਼ੁਭ ਸੰਕੇਤ, ਮਹਾਨ ਵਿਦਵਾਨ, ਉਤਸ਼ਾਹ ਵਰਗੇ ਗੁਣਾਂ ਰਾਹੀਂ ਪਾਠਕਾਂ ਨੂੰ ਜੀਵਨ ਲਈ ਮਹੱਤਵਪੂਰਨ ਸੰਦੇਸ਼ ਦੇਣ ਦਾ ਯਤਨ ਕੀਤਾ ਹੈ। ਇਸ ਦੇ ਨਾਲ ਹੀ ਉਸ ਨੇ ਆਪਣੀਆਂ ਕਵਿਤਾਵਾਂ ਵਿਚ ਮਨੁੱਖਤਾ, ਸਫਲ ਜੀਵਨ, ਭਵਿੱਖ, ਪ੍ਰਮਾਤਮਾ ਦੀ ਦਾਤ, ਨਵਿਆਉਣਯੋਗ ਭੰਡਾਰ, ਸਚਿਆਰ ਭਾਸ਼ਣ, ਸੱਚ ਦੀ ਸਥਾਪਨਾ ਵਰਗੇ ਮਹੱਤਵਪੂਰਨ ਵਿਚਾਰਾਂ ਨੂੰ ਵੀ ਸ਼ਾਮਲ ਕੀਤਾ ਹੈ, ਜੋ ਸਾਡੇ ਸਾਹਮਣੇ ਜੀਵਨ ਦੇ ਭੇਦ ਪ੍ਰਗਟ ਕਰਦੇ ਹਨ। ਇਸ ਦੇ ਨਾਲ-ਨਾਲ ਉਹ ਪਿੰਡਾਂ, ਜ਼ਮੀਨਾਂ, ਰੁੱਖਾਂ, ਨਿੰਮ ਦੇ ਰੁੱਖ, ਪੁਲਾਂ, ਜੈਵਿਕ ਖੇਤੀ, ਸੂਰਜ ਦੀਆਂ ਕਿਰਨਾਂ ਆਦਿ ਵਿਸ਼ਿਆਂ ਤੇ ਕਾਵਿਕ ਪ੍ਰਗਟਾਵਾਂ ਪੇਸ਼ ਕਰਕੇ ਕਵਿਤਾਵਾਂ ਰਾਹੀਂ ਵਾਤਾਵਰਨ ਅਤੇ ਆਲੇ-ਦੁਆਲੇ ਪ੍ਰਤੀ ਆਪਣੀ ਜ਼ਿੰਮੇਵਾਰੀ ਵੀ ਨਿਭਾਉਂਦੇ ਹਨ। ਸੰਵਾਦ ਸਾਹਿਤ ਮੰਚ ਦੇ ਪ੍ਰਧਾਨ ਪ੍ਰੇਮ ਵਿੱਜ ਨੇ ਭੀ ਡਾ: ਵਿਨੋਦ ਸ਼ਰਮਾ ਨੂੰ ਨਵੇਂ ਪ੍ਰਕਾਸ਼ਿਤ ਕਾਵਿ ਸੰਗ੍ਰਹਿ ਤੇ ਵਧਾਈ ਦਿੱਤੀ ।



# ਜੇਸੀਟੀ ਮਿੱਲ ਮਜ਼ਦੂਰ ਸਮਾਜ ਦੇ ਵਫਦ ਨੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੂੰ ਦਿੱਤਾ ਮੰਗ ਪੱਤਰ

## ਮਿੱਲ ਮਾਲਕਾਂ ਵੱਲ ਬਕਾਇਆ ਤਨਖ਼ਾਹਾਂ ਤੇ ਭੱਤੇ ਦਿਵਾਉਣ ਦੀ ਕੀਤੀ ਅਪੀਲ

ਰੋਜ਼ਾਨਾ ਲੋਕ ਬਾਣੀ www.lokbani



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਜੇ.ਸੀ.ਟੀ ਮਿੱਲ ਮਜ਼ਦੂਰ ਸਮਾਜ ਰਜਿ. ਭਾਰਤੀ ਮਜ਼ਦੂਰ ਸੰਘ ਫਗਵਾੜਾ ਪੰਜਾਬ ਦੇ ਪ੍ਰਧਾਨ ਅਜੈ ਯਾਦਵ ਦੀ ਅਗਵਾਈ ਹੇਠ ਮਿੱਲ ਮਜ਼ਦੂਰਾਂ ਦਾ ਇੱਕ ਵਫ਼ਦ ਸਥਾਨਕ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੂੰ ਮਿਲਿਆ। ਇਸ ਦੌਰਾਨ ਮਿੱਲ ਦੇ ਅੰਦੋਲਨਕਾਰੀ ਕਾਮਿਆਂ ਵੱਲੋਂ ਵਿਧਾਇਕ ਧਾਲੀਵਾਲ ਨੂੰ ਮੰਗ ਪੱਤਰ ਸੌਂਪਿਆ ਗਿਆ। ਪ੍ਰਧਾਨ ਅਜੈ ਯਾਦਵ ਨੇ ਧਾਲੀਵਾਲ ਨੂੰ ਦੱਸਿਆ ਕਿ ਮਿੱਲ ਵਿੱਚ ਕੰਮ ਕਰਦੇ ਮਜ਼ਦੂਰਾਂ ਨੂੰ ਪਿਛਲੇ ਇੱਕ ਸਾਲ ਤੋਂ ਬਕਾਇਆ ਤਨਖ਼ਾਹਾਂ, ਬੋਨਸ, ਵਾਧੂ ਓਵਰਟਾਈਮ, ਗਰੈਚੁਟੀ/ਸੇਵਾ, ਐਲ.ਟੀ.ਏ., ਪੀ.ਐਫ ਦਾ ਬਕਾਇਆ ਪਿਛਲੇ ਕਈ ਮਹੀਨਿਆਂ ਤੋਂ ਅਦਾ ਨਹੀਂ ਕੀਤਾ ਗਿਆ ਹੈ। ਈ.ਐੱਸ. ਆਈ ਦੀ ਰਾਸ਼ੀ ਵੀ ਜਮਾ ਨਹੀਂ ਕੀਤੀ ਗਈ ਹੈ। ਜਿਸ ਨੂੰ ਲੈ ਕੇ ਉਹ ਲੰਬੇ ਸਮੇਂ ਤੋਂ ਅੰਦੋਲਨ ਕਰ ਰਹੇ ਹਨ। ਮਜ਼ਦੂਰਾਂ ਦੀਆਂ ਇਨ੍ਹਾਂ ਜਾਇਜ਼ ਮੰਗਾਂ ਪ੍ਰਤੀ ਮਿੱਲ ਮਾਲਕਾਂ ਅਤੇ ਪ੍ਰਬੰਧਕਾਂ ਦੇ ਨਾਂਹ-ਪੱਖੀ ਰਵੱਈਏ ਨੂੰ ਲੈ ਕੇ ਮਜ਼ਦੂਰਾਂ ਵਿੱਚ ਭਾਰੀ ਰੋਸ ਹੈ। ਇਸ ਦੌਰਾਨ ਵਿਧਾਇਕ ਧਾਲੀਵਾਲ ਨੇ ਕਿਹਾ ਕਿ ਮਜਦੂਰਾਂ ਦੀਆਂ ਮੰਗਾਂ ਬਿਲਕੁਲ ਜਾਇਜ਼ ਹਨ। ਉਨ੍ਹਾਂ ਕਿਹਾ ਹੈ ਕਿ ਸੋਮਵਾਰ ਨੂੰ ਰੈਸਟ ਹਾਊਸ ਫਗਵਾੜਾ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਕਿਰਤ ਵਿਭਾਗ ਦੇ ਅਧਿਕਾਰੀਆਂ ਦੀ ਮੀਟਿੰਗ ਸੱਦੀ ਜਾਵੇਗੀ, ਜਿਸ ਵਿੱਚ ਜੇਸੀਟੀ ਮਿੱਲ ਮੈਨੇਜਮੈਂਟ ਅਤੇ ਮਜ਼ਦੂਰ ਯੂਨੀਅਨ ਦੇ ਨੁਮਾਇੰਦੇ ਵੀ ਸ਼ਾਮਲ ਹੋਣਗੇ। ਧਾਲੀਵਾਲ ਨੇ ਕਿਹਾ ਕਿ ਵਰਕਰਾਂ ਦੀਆਂ ਸਮੱਸਿਆਵਾਂ ਨੂੰ ਜਲਦੀ ਤੋਂ ਜਲਦੀ ਹੱਲ ਕਰਨਾ ਉਨ੍ਹਾਂ ਦੀ ਪਹਿਲ ਹੋਵੇਗੀ। ਇਸ ਮੌਕੇ ਮਜਦੂਰ ਯੂਨੀਅਨ ਦੇ ਜਨਰਲ ਸਕੱਤਰ ਹਰਿੰਦਰ ਪ੍ਰਤਾਪ ਸਿੰਘ, ਰਾਮਸੁਰੇਸ਼ ਸਿੰਘ, ਰਾਮਰਿਖੀ ਮਿਸ਼ਰਾ, ਅਨਿਲ ਰਾਏ, ਗਾਮਾ ਯਾਦਵ, ਉਪੇਂਦਰ ਰਾਏ, ਜਤਿੰਦਰ ਸਿੰਘ, ਕ੍ਰਿਸ਼ਨਾ ਰਾਏ, ਅਮਰਜੀਤ ਆਦਿ ਹਾਜ਼ਰ ਸਨ

# ਸਰਕਾਰੀ ਪ੍ਰਾਈਵੇਟ ਸਮਾਰਟ ਸਕੂਲ ਘਨਾਰੂ ਦੀ ਸੈਂਟਰ ਪੱਧਰੀ ਖੇਡਾਂ ਦੇ ਵਿੱਚ ਵਧੀਆ ਕਾਰਗੁਜ਼ਾਰੀ



ਸ੍ਰੀ ਅਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ): ਸਰਕਾਰੀ ਪ੍ਰਾਈਵੇਟ ਸਕੂਲ ਘਨਾਰੂ ਦੇ ਵਿਦਿਆਰਥੀਆਂ ਵੱਲੋਂ ਸੈਂਟਰ ਪੱਧਰੀ ਖੇਲਾਂ ਦੇ ਵਿੱਚ ਮੱਲਾ ਮਾਰਨ ਤੋਂ ਬਾਅਦ ਪਿੰਡ ਦੀ ਸਰਪੰਚ ਰੇਨੂਕਾ ਅਤੇ ਐਸਐਮਸੀ ਚੇਅਰਮੈਨ ਰਘਵੀਰ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਹੌਸਲਾ ਅਫਜਾਈ ਕਰਦਿਆਂ ਹੋਇਆ ਵਧਾਈਆਂ ਦਿੱਤੀਆਂ ਇਸ ਦੌਰਾਨ ਸਕੂਲ ਦੇ ਮੁੱਖ ਅਧਿਆਪਕ ਬਲਵਿੰਦਰ ਕੁਮਾਰ ਨੇ ਦੱਸਿਆ ਕਿ ਸਕੂਲ ਦੇ ਬੱਚਿਆਂ ਵੱਲੋਂ ਸੈਂਟਰ ਪੱਧਰੀ ਖੇਡਾਂ ਦੇ ਵਿੱਚ ਖੋ ਖੋ ਮੁੰਡੇ ਪਹਿਲਾ ਸਥਾਨ ਖੋ ਲੜਕੀਆਂ ਤੇ ਪਹਿਲਾ ਸਥਾਨ, ਯੋਗ ਲੜਕੀਆਂ ਪਹਿਲਾ ਸਥਾਨ, ਰਲੇ ਰੇਸ ਲੜਕੀਆਂ ਪਹਿਲਾ ਸਥਾਨ, ਗੋਲਾ ਸੁੱਟਣਾ, ਲੌਂਗ ਜੰਪ 200 ਮੀਟਰ ਦੌੜ ਲੜਕੇ ਤੇ ਲੜਕੀਆਂ ਨੇ ਵਿਸ਼ੇਸ਼ ਤੌਰ ਤੇ ਮੱਲਾਂ ਮਾਰੀਆਂ ਹਨ, ਜਿਨਾਂ ਦੀ ਹੌਸਲਾ ਫਜਾਈ ਦੇ ਲਈ ਜਿੱਥੇ ਅਧਿਆਪਕ ਬਲਜਿੰਦਰ ਕੌਰ ਮੌਜੂਦ ਸੀ ਉੱਥੇ ਨਾਲ ਹੀ ਪਿੰਡ ਦੀ ਸਰਪੰਚ ਸ਼੍ਰੀਮਤੀ ਰੇਨੁਕਾ ਅਤੇ ਰਘਵੀਰ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਹੌਸਲਾ ਫਜਾਈ ਕਰਦੇ ਹੋਏ ਵਧਾਈਆਂ ਦਿੱਤੀਆਂ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਰਘਬੀਰ ਸਿੰਘ ਨੇ ਦੱਸਿਆ ਕਿ ਪਿੰਡ ਦੇ ਜੁਝਾਰੂ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਦੇ ਵਿੱਚ ਰੋਚਕ ਢੰਗ ਦੇ ਨਾਲ ਸਿੱਖਿਆ ਦੇਣ ਦੇ ਲਈ ਅਧਿਆਪਕਾਂ ਦਾ ਵਿਸ਼ੇਸ਼ ਧੰਨਵਾਦ ਹੈ ਭਵਿੱਖ ਵਿੱਚ ਵੀ ਇਸ ਸਕੂਲ ਦੇ ਬੱਚੇ ਪੜ੍ਹਾਈ ਤੋਂ ਇਲਾਵਾ ਖੇਡਾਂ ਦੇ ਵਿੱਚ ਮੱਲਾਂ ਮਾਰਨਗੇ ਜਿੰਨਾ ਹੋ ਸਕਦਾ ਹੈ ਉਹ ਸਕੂਲ ਦੀ ਮਦਦ ਕਰਨਗੇ ਇਸ ਦੌਰਾਨ ਆਂਗਨਵਾੜੀ ਵਰਕਰ ਸ੍ਰੀਮਤੀ ਸ਼ੀਲਾ ਦੇਵੀ ਵੀ ਮੌਜੂਦ ਸੀ

ਰੋਜ਼ਾਨਾ ਲੋਕ ਬਾਣੀ www.lokbani

# ਜਵਾਹਰ ਨਵੋਦਿਆ ਵਿਦਿਆਲਿਆ ਗੁਰਦਾਸਪੁਰ ਵਿਖੇ ਹੋ ਰਹੀਆਂ ਰਾਸ਼ਟਰੀ ਜੂਡੋ ਖੇਡਾਂ ਵਿੱਚ ਖਿਡਾਰੀਆਂ ਪੂਰੇ ਉਤਸਾਹ ਨਾਲ ਭਾਗ ਲਿਆ



ਗੁਰਦਾਸਪੁਰ-ਨਵਨੀਤ ਕੁਮਾਰ - ਨਵੋਦਿਆ ਵਿਦਿਆਲਿਆ ਸਮਿਤੀ ਵੱਲੋਂ ਨੈਸ਼ਨਲ ਜੂਡੋ ਮੀਟ 2024 ਜਵਾਹਰ ਨਵੋਦਿਆ ਵਿਦਿਆਲਿਆ ਦਬੂੜੀ ਜਿਲ੍ਹਾ ਗੁਰਦਾਸਪੁਰ ਵਿਖੇ ਡਿਪਟੀ ਕਮਿਸ਼ਨਰ ਚੰਡੀਗੜ੍ਹ ਰੀਜਨ ਕੈਪਟਨ ਟੀਨਾ ਧੀਰ ਦੀ ਸੁਯੋਗ ਅਗਵਾਈ ਹੇਠ ਕੀਤੀਆਂ ਜਾ ਰਹੀਆਂ ਹਨ। ਖੇਡਾਂ 17 ਵਰਗ ਦੇ ਲੜਕੇ ਲੜਕੀਆਂ ਦੇ ਜੂਡੋ ਮੁਕਾਬਲੇ ਕਰਵਾਏ ਗਏ ਇਸ ਦੇ ਅੰਤਰਗਤ ਲੜਕਿਆਂ ਦੇ 60 ਕਿਲੋ, 73 ਕਿਲੋ, 81 ਕਿਲੇ, ਅਤੇ 90 ਕਿਲੋ ਵਰਗਾਂ ਵਿੱਚ ਮੁਕਾਬਲੇ ਹੋਏ ਅਤੇ ਲੜਕੀਆਂ ਦੇ 52 ਕਿਲੋ 57 ਕਿਲੋ 63 ਕਿਲੇ 70 ਕਿਲੋ ਅਤੇ 70 ਵਰਗਾ ਦੇ ਮੁਕਾਬਲੇ ਹੋਏ। ਲੜਕਿਆਂ ਦੇ ਮੁਕਾਬਲਿਆਂ ਵਿੱਚ ਜੈਪੁਰ ਰੀਜਨ ਪਹਿਲੇ ਸਥਾਨ ਤੇ ਅਤੇ ਸ਼ਿਲਾਂਗ ਰੀਜਨ ਦੂਜੇ ਸਥਾਨ ਤੇ ਰਿਹਾ। ਲੜਕੀਆਂ ਦੇ ਮੁਕਾਬਲਿਆਂ ਵਿੱਚ ਚੰਡੀਗੜ੍ਹ ਰੀਜ਼ਨ ਪਹਿਲੇ ਸਥਾਨ ਤੇ ਅਤੇ ਹੈਦਰਾਬਾਦ ਰੀਜਨ ਦੂਸਰੇ ਸਥਾਨ ਤੇ ਰਿਹਾ। ਖੇਡਾਂ ਵਿੱਚ ਭਾਗ ਲੈ ਰਹੇ ਪ੍ਰਤੀਭਾਗੀਆਂ ਨੂੰ ਤਰੋਤਾਜ਼ਾ ਕਰਨ ਲਈ ਦੂਸਰੇ ਦਿਨ ਦੀਆਂ ਖੇਡਾਂ ਦੇ ਅੰਤ ਵਿੱਚ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਕਰਵਾਏ ਗਏ ਜਿਸ ਵਿੱਚ ਭੋਪਾਲ, ਹੈਦਰਾਬਾਦ ਪਟਨਾ, ਪੂਨ ਅਤੇ ਚੰਡੀਗੜ੍ਹ ਰੀਜ਼ਨ ਦੇ ਵਿਦਿਆਰਥੀਆਂ ਦੁਆਰਾ ਖ਼ੂਬਸੂਰਤ ਰੰਗਾਂ ਰੰਗ ਪ੍ਰੋਗਰਾਮ ਪੇਸ਼ ਕੀਤੇ ਗਏ। ਪ੍ਰੋਗਰਾਮ ਦੇ ਅੰਤ ਵਿੱਚ ਸਹਾਇਕ ਕਮਿਸ਼ਨਰ ਨਵੋਦਿਆ ਵਿਦਿਆਲਿਆ ਸਮਿਤੀ ਸ੍ਰੀ ਆਰ.ਕੇ ਵਰਮਾ ਜੀ ਦੁਆਰਾ ਵੱਖ-ਵੱਖ ਵਿਦਿਆਲਿਆਂ ਤੋਂ ਆਏ ਸਹਾਇਕ ਸਟਾਫ ਨੂੰ ਸ਼ੀਲਡਾਂ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ।

# ਫਗਵਾੜਾ ਪੁਲਿਸ ਵੱਲੋਂ ਨਜਾਇਜ ਅਸਲਾ ਪਿਸਟਲ ਤੇ 2 ਰੌਂਦ ਜਿੰਦਾ ਕਾਰਤੂਸ ਸਮੇਤ 1 ਦੋਸ਼ੀ ਗ੍ਰਿਫਤਾਰ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸ੍ਰੀਮਤੀ ਵਤਸਲਾ ਗੁਪਤਾ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਦਿਸ਼ਾ ਨਿਰਦੇਸ਼ ਹੇਠ ਮਾੜੇ ਅਨਸਰਾਂ ਦੇ ਖਿਲਾਫ ਵਿੱਢੀ ਮੁਹਿੰਮ ਦੇ ਤਹਿਤ ਜ਼ਿਲ੍ਹਾ ਕਪੂਰਥਲਾ ਦੀ ਸਬ ਡਵੀਜਨ ਫਗਵਾੜਾ ਪੁਲਿਸ ਟੀਮ ਵੱਲੋਂ 01 ਪਿਸਟਲ .32 ਬੋਰ, 02 ਰੌਂਦ ਤੇ 01 ਮੈਗਜੀਨ ਸਮੇਤ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੁਕੱਦਮਾ ਨੰਬਰ 46 ਮਿਤੀ 04-08-2024 ਅ/ਧ 25-54-59 ਅਸਲਾ ਐਕਟ ਥਾਣਾ ਰਾਵਲਪਿੰਡੀ ਜਿਲਾ ਕਪੂਰਥਲਾ ਵਿੱਚ ਦੋਸ਼ੀ ਪ੍ਰਭਜੋਤ ਸਿੰਘ ਉਰਫ ਬਿੱਲਾ ਪੁੱਤਰ ਪਰਮਜੀਤ ਸਿੰਘ ਵਾਸੀ ਰਾਮਪੁਰ ਖਲਿਆਣ ਥਾਣਾ ਰਾਵਲਪਿੰਡੀ ਜ਼ਿਲ੍ਹਾ ਕਪੂਰਥਲਾ ਨੂੰ ਦੋ ਪਿਸਟਲਾਂ ਸਮੇਤ ਗ੍ਰਿਫਤਾਰ ਕੀਤਾ ਗਿਆ ਸੀ, ਜਿਸ ਦੀ ਪੁੱਛਗਿੱਛ ਤੇ ਮੁਕੱਦਮਾ ਵਿੱਚ ਕੁਲਭੂਸ਼ਨ ਸੋਨੀ ਉਰਫ ਵਿਨੀ ਸੋਨੀ ਪੁਤਰ ਵਿਪਨ ਸੋਨੀ ਵਾਸੀ ਲਾਂਬਿਆ ਮੁਹੱਲਾ ਸਰਾਫਾਂ ਬਜਾਰ ਫਗਵਾੜਾ ਥਾਣਾ ਸਿਟੀ ਫਗਵਾੜਾ ਜ਼ਿਲ੍ਹਾ ਕਪੂਰਥਲਾ ਨੂੰ ਨਾਮਜਦ ਕੀਤਾ ਗਿਆ ਸੀ, ਜੋ ਕਿ ਪੁਲਿਸ ਦੀ ਗ੍ਰਿਫਤਾਰੀ ਤੋਂ ਬਾਹਰ ਚੱਲਿਆ ਆ ਰਿਹਾ ਸੀ ਜਿਸ ਦੀ ਗ੍ਰਿਫਤਾਰੀ ਲਈ ਉਹਨਾਂ ਦੀ ਸੁਪਵਰੀਜਨ ਹੇਠ ਅਤੇ ਸ਼੍ਰੀ ਜਸਪ੍ਰੀਤ ਸਿੰਘ ਉੱਪ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਨਿਗਰਾਨੀ ਹੇਠ ਐਸ.ਆਈ ਬਿਸ਼ਮਨ ਸਾਹੀ ਇੰਚਾਰਜ ਸੀ.ਆਈ.ਏ ਸਟਾਫ ਫਗਵਾੜਾ ਦੀ ਪੁਲਿਸ ਪਾਰਟੀ ਵੱਲੋਂ ਮੁਖਬਰੀ ਦੇ ਆਧਾਰ ਅਤੇ ਟੈਕਨੀਕਲੀ ਮੱਦਦ ਨਾਲ ਪੁਰਾਣੀ ਤਹਿਸੀਲ ਕਰਵਲ ਜਿਊਲਰਜ ਫਗਵਾੜਾ ਤੋਂ ਦੋਸ਼ੀ ਕੁਲਭੂਸ਼ਨ ਸੋਨੀ ਉਰਫ ਵਿਨੀ ਸੋਨੀ ਪੁਤਰ ਵਿਪਨ ਸੋਨੀ ਵਾਸੀ ਲਾਂਵਿਆ ਮੁਹੱਲਾ ਸਰਾਫਾ ਬਜਾਰ ਫਗਵਾੜਾ ਨੂੰ ਕਾਬੂ ਕੀਤਾ ਗਿਆ, ਜਿਸ ਪਾਸੋਂ ਇੱਕ ਨਜਾਇਜ ਪਿਸਟਲ .32 ਬੋਰ ਸਮੇਤ ਦੋ ਜਿੰਦਾ ਰੌਂਦ ਬ੍ਰਾਮਦ ਹੋਣ ਤੇ ਉਸ ਨੂੰ ਮੁਕੱਦਮਾ ਨੰਬਰ 46 ਮਿਤੀ 04-08- 2024 ਅ/ਧ 25-54-59 ਅਸਲਾ ਐਕਟ ਥਾਣਾ ਰਾਵਲਪਿੰਡੀ ਜ਼ਿਲ੍ਹਾ ਕਪੂਰਥਲਾ ਵਿੱਚ ਗ੍ਰਿਫਤਾਰ ਕੀਤਾ ਗਿਆ ਜਿਸ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਿਲ ਕਰਕੇ ਹੋਰ ਵੀ ਪੁੱਛਗਿੱਛ ਕੀਤੀ ਜਾਵੇਗੀ, ਜਿਸ ਪਾਸੋਂ ਹੋਰ ਵੀ ਅਹਿਮ ਸਨਸਨੀਖੇਜ ਖੁਲਾਸੇ ਹੋਣ ਦੀ ਸੰਭਾਵਨਾ ਹੈ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਨਸ਼ੇ ਦੇ ਖਿਲਾਫ ਜਾਗਰੂਕਤਾ ਕੈਂਪ ਦਾ ਆਯੋਜਨ ਐਤਵਾਰ ਨੂੰ ਡਾ. ਬੀ.ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਵੱਲੋਂ



(ਲੋਕ ਬਾਣੀ) ਡਾ. ਬੀ.ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਵੱਲੋਂ ਸਰਕਾਰੀ ਹਸਪਤਾਲ ਦੇ ਸਹਿਯੋਗ ਨਾਲ ਐਤਵਾਰ ਨੂੰ ਨਸ਼ੇ ਦੇ ਖਿਲਾਫ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਜਾਵੇਗਾ। ਇਸ ਕੈਂਪ ਦਾ ਮੁੱਖ ਉਦੇਸ਼ ਨਸ਼ੇ ਦੀ ਲਤ ਨਾਲ ਪੀੜਤ ਲੋਕਾਂ ਨੂੰ ਮਦਦ ਤੇ ਪਰਾਮਰਸ਼ ਪ੍ਰਦਾਨ ਕਰਨਾ ਹੈ। ਸੋਸਾਇਟੀ ਦੇ ਚੇਅਰਮੈਨ ਅਜੈ ਸਚਦੇਵਾ ਬੰਟੀ ਨੇ ਦੱਸਿਆ ਕਿ ਵਿਸ਼ੇਸ਼ਜਨ ਡਾਕਟਰ ਪੀਕਾਖਸੀ ਜੀ ਵੱਲੋਂ ਨਸ਼ੇ ਦੇ ਹਾਨੀਕਾਰਕ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ ਅਤੇ ਮੁਫ਼ਤ ਸਿਹਤ ਜਾਂਚ ਤੇ ਇਲਾਜ ਦੀ ਸਹੂਲਤ ਵੀ ਉਪਲਬਧ ਹੋਵੇਗੀ। ਕੈਂਪ ਸਵੇਰੇ 9 ਵਜੇ ਤੋਂ ਦੁਪਹਿਰ 12 ਵਜੇ ਤੱਕ ਸਲੇਮਸ਼ਾਹ ਵਿਖੇ ਪੂਜਾ ਲੂਥਰਾ ਸਚਦੇਵਾ ਦੇ ਦਫ਼ਤਰ ਚ ਆਯੋਜਿਤ ਕੀਤਾ ਜਾਵੇਗਾ। ਸਕੱਤਰ ਪੂਜਾ ਲੂਥਰਾ ਸਚਦੇਵਾ ਨੇ ਦੱਸਿਆ ਕਿ ਸਥਾਨਕ ਲੋਕ ਅਤੇ ਸਮਾਜ ਸੇਵੀ ਸੰਸਥਾਵਾਂ ਇਸ ਯਤਨ ਦੀ ਸ਼ਲਾਘਾ ਕਰ ਰਹੇ ਹਨ।

ਰੋਜ਼ਾਨਾ ਲੋਕ ਬਾਣੀ
www.lokbani

# ਐਸਐਸਪੀ ਗੁਰਦਾਸਪੁਰ ਵਲੋਂ ਹਸਪਤਾਲਾਂ ਦੀ ਸੁਰੱਖਿਆ ਦੇ ਪੁਖਤਾ ਪ੍ਰਬੰਧਾਂ ਲਈ ਅਧਿਕਾਰੀਆਂ ਨਾਲ ਮੀਟਿੰਗ



ਗੁਰਦਾਸਪੁਰ-ਨਵਨੀਤ ਕੁਮਾਰ -
ਸ੍ਰੀ ਦਾਯਮਾ ਹਰੀਸ਼ ਕੁਮਾਰ, ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਸਪਤਾਲਾਂ ਦੀ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ ਲਈ ਉਹਨਾਂ ਵੱਲੋਂ ਕਪਤਾਨ ਪੁਲਿਸ, ਸਥਾਨਿਕ, ਗੁਰਦਾਸਪੁਰ, ਉਪ ਕਪਤਾਨ ਪੁਲਿਸ, ਇੰਨਵੈਸਟੀਗੇਸ਼ਨ, ਗੁਰਦਾਸਪੁਰ, ਉਪ ਮੰਡਲ ਮੈਜਿਸਟਰੇਟ, ਗੁਰਦਾਸਪੁਰ, ਡਾ: ਭਾਰਤ ਭੂਸ਼ਨ ਸਿਵਲ ਸਰਜਨ, ਡਾ: ਰਚਨਾ ਬਾਵਾ ਪ੍ਰੈਸ ਸੈਕਟਰੀ ਪੀਸੀਐਮਐਸ, ਡਾ: ਜਨਾਰਦਨ ਜਨਰਲ ਸੈਕਟਰੀ ਪੀਸੀਐਮਐਸ , ਡਾ: ਲਵਪ੍ਰੀਤ ਜੁਆਇੰਟ ਸੈਕਟਰੀ ਪੀਸੀਐਮਐਸ ਸਿਵਲ ਹਪਸਤਾਲ ਗੁਰਦਾਸਪੁਰ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਡਾਕਟਰ ਸਾਹਿਬਾਨਾਂ ਵੱਲੋਂ ਹਸਪਤਾਲਾ ਦੀ ਸੁਰੱਖਿਆ ਦੀ ਮੰਗ ਕੀਤੀ ਗਈ, ਜਿਨਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਆਪਣੇ ਸਾਰੇ ਹਸਪਤਾਲਾ ਦੀ ਮੈਪਿੰਗ ਕਰਕੇ ਮੋਬਾਇਲ ਨੰਬਰਾਂ ਸਮੇਤ ਲਿਸਟਾ ਇਸ ਦਫ਼ਤਰ ਨੂੰ ਮੁਹੱਈਆ ਕਰਵਾਉਣ ਤਾਂ ਜੋ ਉਹਨਾਂ ਦੀ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਜਾ ਸਕਣ। ਉਨ੍ਹਾਂ ਦੱਸਿਆ ਕਿ ਹਸਪਤਾਲਾਂ ਦੀ ਸੁਰੱਖਿਆ ਲਈ ਪੁਲਿਸ ਪੋਸਟ ਅਤੇ 01 ਪੀ.ਸੀ.ਆਰ ਮੋਟਰਸਾਈਕਲ ਸਿਫਟ ਵਾਇਜ਼ ਤਾਇਨਾਤ ਕੀਤਾ ਗਿਆ ਹੈ, ਇਸ ਤੋਂ ਇਲਾਵਾ ਪੀ.ਸੀ. ਆਰ, 112 ਹੈਲਪਲਾਈਨ, ਪੁਲਿਸ ਕੰਟਰੋਲ ਰੂਮ, ਨੇੜੇ ਦੇ ਨਾਕਿਆ, ਗਸ਼ਤਾ, ਪੁਲਿਸ ਪੈਟਰੋਲਿੰਗ ਵਹੀਕਲਾ ਰਾਹੀਂ ਵੀ ਸੁਰੱਖਿਆ ਮੁਹੱਈਆ ਕਰਵਾਈਆਂ ਗਈ ਹੈ ਅਤੇ ਹਦਾਇਤ ਕੀਤੀ ਗਈ ਕਿ ਪੁਲਿਸ ਹੈਲਪਲਾਈਨ ਦੇ ਸਾਰੇ ਨੰਬਰਾਂ ਨੂੰ ਹਸਪਤਾਲਾਂ ਵਿੱਚ ਡਿਸਪਲੇਅ ਤੇ ਲਗਾਇਆ ਜਾਵੇ ਤਾਂ ਜੋ ਜਰੂਰਤ ਸਮੇਂ ਜਲਦੀ ਤੋਂ ਜਲਦੀ ਪੁਲਿਸ ਨਾਲ ਸੰਪਰਕ ਕਾਇਮ ਕੀਤਾ ਜਾ ਸਕੇ ਅਤੇ ਸਮੇਂ ਸਿਰ ਪੁਲਿਸ ਸਹਾਇਤਾ ਮੁਹੱਈਆ ਕਰਵਾਈ ਜਾ ਸਕੇ। ਭਵਿੱਖ ਵਿੱਚ ਵੀ ਸਮੇਂ-ਸਮੇਂ ਸਿਰ ਹਸਪਤਾਲਾ ਦੀ ਸੁਰੱਖਿਆ ਨੂੰ ਲੈ ਕੇ ਕੁ-ਆਰਡੀਨੇਸ਼ਨ ਮੀਟਿੰਗਾਂ ਕਰਕੇ ਸੁਰੱਖਿਆ ਦੇ ਪ੍ਰਬੰਧ ਪੁਖਤਾ ਕਰਨ ਨੂੰ ਯਕੀਨੀ ਬਣਾਇਆ ਜਾਵੇਗਾ।

ਰੋਜ਼ਾਨਾ ਲੋਕ ਬਾਣੀ
www.lokbani

# ਨੌਜਵਾਨ ਦੇਸ਼ ਦੀ ਸੇਵਾ ਵਿੱਚ ਯੋਗਦਾਨ ਪਾਉਣ ਅਤੇ ਸਮਝਦਾਰੀ ਨਾਲ ਆਪਣਾ ਰੋਲ ਮਾਡਲ ਚੁਣਨ - ਸੀਨੀਅਰ ਪੁਲਿਸ ਕਪਤਾਨ ਹਰੀਸ਼ ਦਿਆਮਾ

ਗੁਰਦਾਸਪੁਰ-ਨਵਨਾਤ ਕੁਮਾਰ -
ਕੇਂਦਰੀ ਸੰਚਾਰ ਬਿਊਰੋ (ਸੀਬੀਸੀ), ਜਲੰਧਰ, ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਥਾਨਕ ਪੁਰਾਣੇ ਬੱਸ ਸਟੈਂਡ ਵਿਖੇ ਨੌਜਵਾਨਾਂ ਨੂੰ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨ, ਔਰਤਾਂ ਨੂੰ ਛਾਤੀ ਦੇ ਕੈਂਸਰ ਤੋਂ ਬਚਾਅ ਬਾਰੇ ਜਾਣਕਾਰੀ ਦੇਣ ਅਤੇ ਭਾਰਤ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਬਾਰੇ ਜਾਗਰੂਕ ਕਰਨ ਦੇ ਮੰਤਵ ਨਾਲ ਲਗਾਈ ਗਈ ਤਿੰਨ ਦਿਨਾਂ ਮਲਟੀਮੀਡੀਆ ਫੋਟੋ ਪ੍ਰਦਰਸ਼ਨੀ ਅੱਜ ਸਮਾਪਤ ਹੋ ਗਈ। ਅੱਜ ਸਮਾਪਤੀ ਸਮਾਰੋਹ ਦੇ ਮੁੱਖ ਮਹਿਮਾਨ ਜ਼ਿਲ੍ਹਾ ਗੁਰਦਾਸਪੁਰ ਦੇ ਸੀਨੀਅਰ ਪੁਲਿਸ ਕਪਤਾਨ ਸ਼੍ਰੀ ਹਰੀਸ਼ ਦਿਆਮਾ ਨੇ ਪ੍ਰੋਗਰਾਮ ਵਿੱਚ ਹਾਜ਼ਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸੋਸ਼ਲ ਮੀਡੀਆ ਤੋਂ ਦੂਰ ਰਹਿ ਕੇ ਆਪਣੀ ਪੜ੍ਹਾਈ ਵੱਲ ਧਿਆਨ ਦੇਣ ਅਤੇ ਦੇਸ਼ ਦੀ ਸੇਵਾ ਵਿੱਚ ਆਪਣਾ ਬਣਦਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਆਪਣੇ ਰੋਲ ਮਾਡਲ ਦੀ ਚੋਣ ਸੋਚ ਸਮਝ ਕੇ ਕਰਨੀ ਚਾਹੀਦੀ ਹੈ ਅਤੇ ਉਨ੍ਹਾਂ ਦੇ ਚੰਗੇ ਗੁਣਾਂ ਨੂੰ ਅਪਣਾ ਕੇ ਸਮਾਜ ਅਤੇ ਦੇਸ਼ ਨੂੰ ਤਰੱਕੀ ਵੱਲ ਲਿਜਾਣਾ ਚਾਹੀਦਾ ਹੈ। ਉਨ੍ਹਾਂ ਨੇ ਸੀਮਾ ਸੁਰੱਖਿਆ ਬਲ ਵੱਲੋਂ ਲਗਾਈ ਗਈ ਹਥਿਆਰਾਂ ਦੀ ਪ੍ਰਦਰਸ਼ਨੀ ਦੀ ਸ਼ਲਾਘਾ ਕਰਦਿਆਂ ਨੌਜਵਾਨਾਂ ਨੂੰ ਇਸ ਬਲ ਅਤੇ ਭਾਰਤ ਦੀਆਂ ਹੋਰ ਫ਼ੌਜਾਂ ਵਿੱਚ ਸ਼ਾਮਲ ਹੋਣ ਲਈ ਜਾਣਕਾਰੀ ਹਾਸਲ ਕਰਨ ਲਈ ਕਿਹਾ। ਜ਼ਿਲ੍ਹਾ ਪ੍ਰੀਸ਼ਦ ਗੁਰਦਾਸਪੁਰ ਦੇ ਉਪ ਮੁੱਖ ਕਾਰਜਕਾਰੀ ਅਧਿਕਾਰੀ ਜ਼ੀਨਤ ਖੇੜਾ ਨੇ ਪ੍ਰਦਰਸ਼ਨੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹਰ ਵਿਅਕਤੀ ਨੂੰ ਅਜਿਹੀ ਜਾਣਕਾਰੀ ਦਾ ਲਾਭ ਉਠਾਉਣਾ ਚਾਹੀਦਾ ਹੈ ਅਤੇ ਆਪਣੇ ਨਾਲ-ਨਾਲ ਸਮਾਜ ਦੇ ਵਿਕਾਸ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।

ਸਿਵਲ ਸਰਜਨ ਡਾ. ਭਾਰਤ ਭੂਸ਼ਣ ਨੇ ਹਾਜ਼ਰ ਸਮੂਹ ਲੋਕਾਂ ਨੂੰ ਆਪਣੀ ਸਿਹਤ ਨੂੰ ਬਰਕਰਾਰ ਰੱਖਣ ਲਈ ਖਾਣ-ਪੀਣ ਦੀਆਂ ਚੰਗੀਆਂ ਆਦਤਾਂ ਅਪਣਾਉਣ ਦੀ ਅਪੀਲ ਕੀਤੀ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਰੋਮੀ ਰਾਜਾ ਵੀ ਹਾਜ਼ਰ ਸਨ। ਸੈਂਟਰਲ ਬਿਊਰੋ ਆਫ ਕਮਿਊਨੀਕੇਸ਼ਨਜ਼ ਦੇ ਫੀਲਡ ਪਬਲੀਸਿਟੀ ਅਫਸਰ ਅਤੇ ਪ੍ਰਦਰਸ਼ਨੀ ਦੇ ਨੋਡਲ ਅਫਸਰ ਸ਼੍ਰੀ ਰਾਜੇਸ਼ ਬਾਲੀ ਨੇ ਦੱਸਿਆ ਕਿ ਅੱਜ ਉਨ੍ਹਾਂ ਦੇ ਵਿਭਾਗ ਵੱਲੋਂ ਔਰਤਾਂ ਵਿੱਚ ਛਾਤੀ ਦੇ ਕੈਂਸਰ ਦੀ ਮੁਫਤ ਜਾਂਚ ਲਈ ਜਲੰਧਰ ਰੋਟਰੀ ਕਲੱਬ ਵੈਸਟਰਨ ਤੋਂ ਕੈਂਸਰ ਸਕਰੀਨਿੰਗ ਲਈ ਪੂਰੇ ਉਪਕਰਨਾਂ ਨਾਲ ਲੈਸ ਵੈਨ ਮੰਗਵਾਈ ਗਈ ਸੀ। ਸਿਵਲ ਹਸਪਤਾਲ ਦੇ ਸਹਿਯੋਗ ਨਾਲ ਲਗਾਏ ਗਏ ਇਸ ਵਿਸ਼ੇਸ਼ ਜਾਂਚ ਕੈਂਪ ਵਿੱਚ 30 ਤੋਂ ਵੱਧ ਔਰਤਾਂ ਦੀ ਜਾਂਚ ਕੀਤੀ ਗਈ। ਡਾਕਟਰਾਂ ਅਨੁਸਾਰ ਕੈਂਸਰ ਦੀ ਜਲਦੀ ਜਾਂਚ ਕਰਵਾ ਕੇ ਇਸ ਬਿਮਾਰੀ ਤੋਂ ਬਚਿਆ ਜਾ ਸਕਦਾ ਹੈ, ਸਿਰਫ ਅੱਗੇ ਆ ਕੇ ਆਪਣੀ ਜਾਂਚ ਕਰਵਾਉਣ ਦੀ ਲੋੜ ਹੈ।ਪੰਜਾਬ ਦੀਆਂ ਸਰਹੱਦਾਂ ਦੀ ਰਾਖੀ ਕਰ ਰਹੀ ਸੀਮਾ ਸੁਰੱਖਿਆ ਬਲ ਵਿੱਚ ਭਰਤੀ ਹੋਣ ਅਤੇ ਹਥਿਆਰਾਂ ਸਬੰਧੀ ਜਾਣਕਾਰੀ ਨਾਲ ਭਰਪੂਰ ਸਟਾਲ ਨੂੰ ਨੌਜਵਾਨ ਲੜਕੇ-ਲੜਕੀਆਂ ਵੱਲੋਂ ਖੂਬ ਸਲਾਹਿਆ ਗਿਆ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਵਾਏ ਗਏ ਵੱਖ-ਵੱਖ ਸਟਾਲਾਂ ਵਿੱਚੋਂ ਇੱਕ ਆਧਾਰ ਕਾਰਡ ਅੱਪਡੇਟ ਕਰਨ ਵਾਲੇ ਸਟਾਲ 'ਤੇ ਦਰਜਨਾਂ ਲੋਕਾਂ ਨੇ ਆਪਣੇ ਕਾਰਡ ਅੱਪਡੇਟ ਕਰਵਾਏ। ਗੁਰਦਾਸਪੁਰ ਪੁਲਿਸ ਦੀ ਹੈੱਡ ਕਾਂਸਟੇਬਲ ਨਵਨੀਤ ਕੌਰ ਨੇ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਤੇ ਹੋਣ ਵਾਲੇ ਕਿਸੇ ਵੀ ਤਰ੍ਹਾਂ ਦੇ ਅੱਤਿਆਚਾਰ ਦਾ ਡਟਵਾਂ ਵਿਰੋਧ ਕਰਨ ਦੇ ਨਾਲ ਹੀ ਪੁਲਿਸ ਦੀ ਸਹਾਇਤਾ ਲਈ ਟੋਲ ਫਰੀ ਹੈਲਪਲਾਈਨ ਨੰਬਰ 1091 ਤੇ ਡਾਇਲ ਕਰਕੇ ਪੁਲਿਸ ਨੂੰ ਵੀ ਸੂਚਿਤ ਕਰਨ।



## ਔਰਤਾਂ ਵਿੱਚ ਛਾਤੀ ਦੇ ਕੈਂਸਰ ਦੀ ਮੁਫ਼ਤ ਜਾਂਚ ਕੀਤੀ ਗਈ

ਜ਼ਿਲ੍ਹਾ ਗਾਈਡੈਂਸ ਅਫ਼ਸਰ ਪਰਮਿੰਦਰ ਸਿੰਘ ਸੈਣੀ ਨੇ ਵੱਖ-ਵੱਖ ਵਿਸ਼ਿਆਂ ਤੇ ਭਰਪੂਰ ਜਾਣਕਾਰੀ ਸਾਂਝੀ ਕੀਤੀ ।ਇਸ ਪ੍ਰਦਰਸ਼ਨੀ ਵਿੱਚ ਜਿੱਥੇ ਕੇਂਦਰ ਸਰਕਾਰ ਦੀਆਂ ਵੱਖ-ਵੱਖ ਜਾਗਰੂਕਤਾ ਮੁਹਿੰਮਾਂ ਅਤੇ ਲੋਕ ਭਲਾਈ ਸਕੀਮਾਂ ਬਾਰੇ ਇਨਫੋਗ੍ਰਾਫ਼ਿਕਸ ਰਾਹੀਂ ਭਰਪੂਰ ਜਾਣਕਾਰੀ ਸਾਂਝੀ ਕੀਤੀ ਗਈ, ਉੱਥੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਧਾਰ ਕਾਰਡ, ਆਯੂਸ਼ਮਾਨ ਕਾਰਡ, ਡਿਸਏਬਿਲਿਟੀ ਕਾਰਡ, ਬੈਂਕ ਅਤੇ ਪੁਲਿਸ ਸਾਂਝ ਕੇਂਦਰ ਅਤੇ ਕੁਝ ਹੋਰ ਵਿਭਾਗਾਂ ਦੀਆਂ ਸੇਵਾਵਾਂ ਇੱਕੋ ਥਾਂ 'ਤੇ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਈ ਵਿਭਾਗਾਂ ਦੇ ਸਟਾਲ ਲਾਏ ਗਏ ਸਨ। ਗੁਰਦਾਸਪੁਰ ਹੈਰੀਟੇਜ ਸੋਸਾਇਟੀ ਵੱਲੋਂ ਜ਼ਿਲੇ ਦੀਆਂ ਵਿਰਾਸਤੀ ਥਾਵਾਂ ਨੂੰ ਤਸਵੀਰਾਂ ਰਾਹੀਂ ਦਿਖਾਉਣ ਵਾਲਾ ਸਟਾਲ ਵੀ ਲਗਾਇਆ ਗਿਆ ਸੀ।

ਰੋਜ਼ਾਨਾ ਲੋਕ ਬਾਣੀ
www.lokbani

# ਵਧੀਕ ਡਿਪਟੀ ਕਮਿਸ਼ਨਰ ਸੁਰਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਚਾਈਲਡ ਵੈਲਫੇਅਰ ਕੌਂਸਲ ਦੀ ਮੀਟਿੰਗ




ਗੁਰਦਾਸਪੁਰ-ਨਵਨੀਤ ਕੁਮਾਰ -
ਸ਼੍ਰੀ ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਚਾਈਲਡ ਵੈਲਫੇਅਰ ਕੌਂਸਲ ਦੀ ਮੀਟਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ। ਇਸ ਮੌਕੇ ਰੋਮੇਸ਼ ਮਹਾਜਨ, ਆਨਰੇਰੀ ਸੈਕਟਰੀ ਅਤੇ ਨੈਸ਼ਨਲ ਐਵਾਰਡੀ, ਪਰਮਿੰਦਰ ਸਿੰਘ ਸ਼ੈਣੀ ਜ਼ਿਲ੍ਹਾ ਗਾਈਡੈਂਸ ਕਾਉਂਸਲਰ ਆਦਿ ਹਾਜ਼ਰ ਸਨ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਵਲੋਂ ਈ.ਓ. ਨਗਰ ਕੌਂਸਲ ਗੁਰਦਾਸਪੁਰ ਨੂੰ ਹਦਾਇਤ ਕੀਤੀ ਕਿ ਉਹ ਸਲੱਮ ਏਰੀਆ, ਮਾਨ ਕੌਰ ਸਿੰਘ ਵਿਖੇ ਲੋਕਾਂ ਦੀ ਸਹੂਲਤਾਂ ਲਈ 5 ਕਮਿਊਨਿਟੀ ਟਾਇਲਟਸ ਇਸੇ ਮਹਿਨੇ ਦੇ ਅੰਤ ਤੱਕ ਲਗਾਏ ਜਾਣ, ਉਨ੍ਹਾਂ ਸੀਵਰੇਜ ਵਿਭਾਗ ਨੂੰ ਕਿਹਾ ਕਿ ਬਾਲ ਭਵਨ ਲਈ ਵੱਖਰੀ ਪਾਈਪ ਲਾਈਨ ਪਾਈ ਜਾਵੇ। ਉਨ੍ਹਾਂ ਅੱਗੇ ਦੱਸਿਆ ਕਿ 26 ਸਤੰਬਰ 2024 ਨੂੰ ਲਿਟਲ ਫਲਾਵਰ ਕਾਨਵੈਂਟ ਸਕੂਲ, ਗੁਰਦਾਸਪੁਰ ਵਿਖੇ ਜ਼ਿਲਾ ਪੱਧਰੀ ਪੇਟਿੰਗ ਮੁਕਾਬਲੇ ਕਰਵਾਏ ਜਾਣਗੇ। ਇਸੇ ਤਰ੍ਹਾਂ ਉਨ੍ਹਾਂ ਜ਼ਿਲ੍ਹਾ ਪ੍ਰੋਗਰਾਮ ਅਫਸਰ, ਜਿਲਾ ਸਿੱਖਿਆ ਅਫਸਰ (ਸ), ਮਿਲਕ ਪਲਾਂਟ ਗੁਰਦਾਸਪੁਰ, ਵੇਰਕਾ ਮਿਲਕ ਪਲਾਂਟ, ਜ਼ਿਲ੍ਹਾ ਟਰਾਸਪੋਰਟ ਅਥਾਰਟੀ ਸਮੇਤ ਵੱਖ-ਵੱਖ ਵਿਭਾਗ ਨੂੰ ਦਿਸਾ- ਨਿਰਦੇਸ ਜਾਰੀ ਕੀਤੇ। ਇਸ ਤੋਂ ਪਹਿਲਾਂ ਨੈਸ਼ਨਲ ਐਵਾਰਡੀ ਰੋਮੇਸ ਮਹਾਜਨ ਵਲੋਂ ਵਧੀਕ ਡਿਪਟੀ ਕਮਿਸ਼ਨਰ(ਜ) ਸੁਰਿੰਦਰ ਸਿੰਘ ਦਾ ਸਵਾਗਤ ਕਰਦਿਆਂ ਸਮੂਹ ਵਿਭਾਂਗ ਦਾ ਧੰਨਵਾਦ ਕੀਤਾ।

ਰੋਜ਼ਾਨਾ ਲੋਕ ਬਾਣੀ
www.lokbani

# ਅੱਜ ਵੀ ਓ.ਪੀ.ਡੀ. ਰਹੀ ਪੂਰਾ ਦਿਨ ਬੰਦ ,ਹੜਤਾਲ ਪੰਜਵੇਂ ਦਿਨ ਵਿੱਚ ਦਾਖਲ ਹੋਣ ਤੇ ਲੋਕਾਂ ਦਾ ਵਧਿਆ ਸਰਕਾਰ ਪ੍ਰਤੀ ਰੋਸ਼

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਅੱਜ ਵੀ ਸਰਕਾਰ ਵੱਲੋਂ ਕੋਈ ਵੀ ਹੱਲ ਜਾਂ ਕਿਸੇ ਮੀਟਿੰਗ ਵਿੱਚ ਡਾਕਟਰਾਂ ਨੂੰ ਨਾ ਬੁਲਾਉਣ ਤੇ ਹੜਤਾਲ ਜਾਰੀ ਰਹੀ ਜਿਸਦਾ ਵਿਆਪੀ ਅਸਰ ਵੇਖਣ ਨੂੰ ਮਿਲ ਰਿਹਾ ਕਿਓਕਿ ਹੁਣ ਮਰੀਜਾਂ ਦੀਆ ਦਵਾਈਆਂ ਮੁਕਦੀਆਂ ਜਾ ਰਹੀਆਂ ਸਰਕਾਰ ਵਲੋ ਗੱਲਾਂ ਕਰਕੇ ਲਿਖਿਤ ਵਿੱਚ ਨਾ ਦੇਣ ਕਾਰਨ ਡਾਕਟਰਾਂ ਦੀ ਹੜਤਾਲ ਜਾਰੀ ਰਹੀ, ਜਿਲੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿਚ ਓ.ਪੀ.ਡੀ. ਰਹੀ ਪੂਰਾ ਦਿਨ ਬੰਦ। ਮਾਤਾ ਕੌਸ਼ਲਿਆ ਸਮੇਤ ਸਿਵਲ ਹਸਪਤਾਲ ਸਮਾਣਾ , ਰਾਜਪੁਰਾ, ਨਾਭਾ ਅਤੇ ਕਈ ਸਿਹਤ ਕੇਂਦਰ ਬੰਦ ਰਹੇ ਜਿਸ ਨਾਲ ਮਰੀਜਾਂ ਨੂੰ ਕਾਫੀ ਮੁਸ਼ਕਿਲ ਦਾ ਸਾਹਮਣਾ ਕਰਨਾ ਪਿਆ। ਭਾਵੇਂ ਹੜਤਾਲੀ ਡਾਕਟਰਾਂ ਨੇ ਮਰੀਜਾਂ ਦੀ ਸੁਵਿਧਾ ਲਈ ਆਪਣੇ ਡਾਕਟਰਾਂ ਦੀ ਐਮਰਜੈਂਸੀ ਵਿੱਚ ਗਿਣਤੀ ਵਧਾਈ ਤਾਂ ਜੋਂ ਲੋਕਾਂ ਤੇ ਘੱਟ ਤੋਂ ਘੱਟ ਪ੍ਰਭਾਵ ਪਏ ਪਰ ਓ ਪੀ ਡੀ ਵਿੱਚ ਦਵਾਈ ਲੈਣ ਆ ਰਹੇ ਮਰੀਜ ਹੁਣ ਸਰਕਾਰ ਨੂੰ ਕੋਸਦੇ ਨਜਰ ਆਏ ਐਸੋਸੀਏਸ਼ਨ ਦੇ ਮੁਖੀ ਡਾ ਅਖਿਲ ਸਰੀਨ ਨੇ ਕਿਹਾ ਕਿ ਵਿਭਾਗ ਤੇ ਤਾਂ ਪਹਿਲਾ ਹੀ ਕੋਈ ਵਿੱਤੀ ਬੋਝ ਨਹੀਂ, ਅਧੀਆ ਅਸਾਮੀਆਂ ਖਾਲੀ ਹਨ, ਤੇ ਸਾਡੇ ਡਾਕਟਰ ਦੁਗਣਾ ਕੰਮ ਕਰ ਰਹੇ ਤੇ ਸਰਕਾਰ ਓਹਨਾਂ ਦੀਆਂ ਹੀ ਤਰਕੀਆ ਰੋਕ, ਕੀ ਸਰਕਾਰੀ ਹਸਪਤਾਲਾਂ ਵਿੱਚੋ ਡਾਕਟਰਾਂ ਨੂੰ ਕੰਮ ਛਡਾ ਪ੍ਰਾਈਵੇਟਾਇਜ਼ੇਸ਼ਨ ਵਲ ਧਕੇਲ ਰਹੀ ਹੈ ?




ਜਦੋਂ ਕੈਬਨਿਟ ਸਬ-ਕਮੇਟੀ ਨੇ ਮੰਗਾਂ ਨੂੰ ਜਾਇਜ਼ ਮੰਨਦਿਆਂ, ਸਿਧਾਂਤਕ ਤੌਰ ਤੇ ਮਨਜੂਰੀ ਦੇ ਦਿੱਤੀ ਤੇ ਸਰਕਾਰ ਇਹ ਬਿਆਨ ਵੀ ਦੇ ਰਹੀ ਤਾਂ ਲਿਖਤ ਵਿੱਚ ਦੇਣ ਵਿੱਚ ਦਿੱਕਤ ਕਿਉ ?

ਵਿਭਾਗ ਨੇ ਅੱਜ ਇਕ ਵਿਭਾਗੀ ਹੁਕਮ ਰਾਹੀਂ ਖੁਦ ਹੀ ਸਾਰੇ ਹੜਤਾਲੀ ਪੀ ਸੀ ਐਮ ਐਸ ਅਧਿਕਾਰੀਆਂ ਨੂੰ ਖੁਦ ਹੀ ਐਮਰਜੈਂਸੀ ਸ਼ਿਫਟਾਂ ਤੇ ਤੈਨਾਤ ਕਰ ਦਿੱਤਾ ਜਿਸ ਨਾਲ ਓ ਪੀ ਡੀ ਵਿੱਚ ਮਰੀਜ ਵੇਖਣ ਨੂੰ ਵੈਸੇ ਵੀ ਕੋਈ ਡਾਕਟਰ ਨਹੀਂ ਬੱਚਿਆ। ਵੈਸੇ ਵੀ ਬਹੁਤੇ ਹਸਪਤਾਲਾਂ ਵਿੱਚ ਪਹਿਲਾ ਤੋਂ ਹੀ ਡਾਕਟਰਾਂ ਦੀ ਘਾਟ ਕਾਰਨ ਐਨੇ ਵੀ ਡਾਕਟਰ ਨਹੀਂ ਹੈਗੇ ਕੇ ਵਿਭਾਗੀ ਆਦੇਸ਼ ਅਨੁਸਾਰ ਤਿੰਨ ਸ਼ਿਫਟਾਂ ਵਿੱਚ ਲਾਏ ਜਾ ਸਕਣ। ਇਸ ਲਈ ਜਿਆਦਾਤਰ ਹਸਪਤਾਲ ਮੁਖੀ ਇਸ ਬੰਬਲਭੁਸੇ ਵਿੱਚ ਫੱਸੇ ਹਨ ਕੇ ਅਖੀਰ ਚਾਰ ਡਾਕਟਰ ਹਰੇਕ ਸ਼ਿਫਟ ਵਿੱਚ ਲਗਾਉਣ ਲਈ ਲਿਆਈਏ ਕਿੱਥੋਂ ?

ਜਥੇਬੰਦੀ ਨੇ ਸਮੂਹਕ ਤੌਰ ਤੇ ਕਿਹਾ ਕਿ 413♦ ਦੀ ਬਹਾਲੀ ਵਿੱਚ 3 ਮਹੀਨਿਆਂ ਦੀ ਬੇਲੋੜੀ ਦੇਰੀ ਮੰਜੂਰ ਨਹੀਂ, ਕਿਉਂਕਿ ਇਸ ਨੂੰ ਮੁੜ ਬਹਾਲ ਕਰਨ ਵਿੱਚ ਸਿਰਫ 2021 ਵਿੱਚ ਜਾਰੀ ਕੀਤੇ ਗਏ ਵਿੱਤ ਵਿਭਾਗ ਦੇ ਇੱਕ ਮਨਮਾਨੇ ਪੱਤਰ ਨੂੰ ਰੱਦ ਕਰਨਾ ਸ਼ਾਮਲ ਹੈ। ਓਹ ਕਰਕੇ ਸਰਕਾਰ ਦੇ ਦੇਵੇ, ਦੇਰੀ ਕਿਉ ? ਓਹਨਾਂ ਮੰਗ ਕੀਤੀ ਹੈ ਕਿ 13♦↔ ਨੂੰ ਬਿਨਾਂ ਕਿਸੇ ਦੇਰੀ ਦੇ ਲਾਗੂ ਕੀਤਾ ਜਾਵੇ। ਇਸ ਤੋਂ ਇਲਾਵਾ, ਅਗਲੀ ਮੀਟਿੰਗ ਲਈ 19 ਤਰੀਕ ਦੀ ਬਜਾਏ ਇਸ ਹਫ਼ਤੇ ਹੀ ਮੁੜ ਤਹਿ ਕੀਤੀ ਜਾਣੀ ਚਾਹੀਦੀ ਹੈ। ਇਨ੍ਹਾਂ ਮੰਗਾਂ ਨੂੰ ਲੈ ਕੇ ਰੋਸ ਵਜੋਂ ਕਲ ਵੀ 14 ਸਤੰਬਰ ਨੂੰ ਵੀ ਓ.ਪੀ.ਡੀ ਪੂਰੇ ਸਮੇਂ ਲਈ ਬੰਦ ਰਹਿਣਗੀਆਂ

# ਆਮ ਆਦਮੀ ਕਲੀਨਿਕਾਂ ਵਿਚ ਮਰੀਜਾਂ ਦੀ ਗਿਣਤੀ ਵਿਚ ਹੋਇਆ ਵਾਧਾ: ਡਾ ਕਿਰਨਦੀਪ ਕੌਰ

ਅੰਮ੍ਰਿਤਸਰ (ਲੋਕ ਬਾਣੀ)- ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ਾਂ ਨੂੰ ਸਿਹਤ ਸੇਵਾਵਾਂ ਵਿੱਚ ਲਾਭ ਪ੍ਰਾਪਤ ਹੋਇਆ ਹੈ ਜਿਸ ਦੇ ਚਲਦਿਆਂ ਮਰੀਜ਼ਾਂ ਦੀ ਗਿਣਤੀ ਵਿੱਚ ਵਾਧਾ ਵੀ ਹੋਇਆ ਹੈ। ਇਹ ਵਿਚਾਰ ਸਿਵਲ ਸਰਜਨ ਡਾ ਕਿਰਨਦੀਪ ਕੌਰ ਵਲੋਂ ਆਮ ਆਦਮੀਂ ਕਲੀਨਿਕਾ ਵਿਚ ਅਚਨਚੇਤ ਚੈਕਿੰਗ ਦੌਰਾਨ ਕਹੇ। ਉਹਨਾਂ ਕਿਹਾ ਕਿ ਪੀ.ਸੀ.ਐਮ.ਐਸ. ਡਾਕਟਰਾਂ ਦੀ ਹੜਤਾਲ ਕਾਰਣ ਆਮ ਆਦਮੀਂ ਕਲੀਨਿਕਾਂ ਵਿਚ ਮਰੀਜਾਂ ਦੀ ਗਿਣਤੀ ਵਿਚ ਵਾਧਾ ਹੋਇਆ ਹੈ, ਉਹਨਾਂ ਕਿਹਾ ਕਿ ਸਿਹਤ ਵਿਭਾਗ ਵਲੋਂ ਐਮਰਜੈਂਸੀ, ਗਾਇਨੀਂ ਅਤੇ ਜਰੂਰੀ ਸਵੇਵਾਂ ਨੂੰ ਲਗਾਤਾਰ ਜਾਰੀ ਰਖਿਆ ਜਾ ਰਿਹਾ ਹੈ ਅਤੇ ਸਰਕਾਰ ਪੀ.ਸੀ.ਐਮ.ਐਸ. ਐਸੋਸ਼ਿਏਸ਼ਨ ਦੇ ਮਸਲਿਆਂ ਤੇ ਗੰਭੀਰਤਾ ਨਾਲ ਵਿਚਾਰ ਕਰ ਰਹੀ ਹੈ ਅਤੇ ਜਲਦ ਹੀ ਇਸਦਾ ਸਾਰਥਕ ਹੱਲ ਨਿਕਲਣ ਦੀ ਉਮੀਦ ਹੈ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ ਕਿਰਨਦੀਪ ਕੌਰ ਵਲੋਂ ਵੱਖ ਸਿਹਤ ਸੰਸਥਾਵਾਂ ਵਿਚ ਅਚਨਚੇਤ ਚੈਕਿੰਗ ਕੀਤੀ ਗਈ, ਜਿਸ ਵਿਚ ਆਮ ਆਦਮੀਂ ਕਲੀਨਿਕ ਛੇਹਰਟਾ, ਆਮ ਆਦਮੀਂ ਕਲੀਨਿਕ ਘੰਨੂਪੁਰ ਕਾਲੇ ਅਤੇ ਅਰਬਨ ਕਮਿਉਨਟੀ ਹੈਲਥ ਸੈਂਟਰ ਨਰਾਇਣਗੜ੍ਹ ਸ਼ਾਮਲ ਹਨ। ਇਸ ਦੌਰਾਣ ਉਹਨਾਂ ਵਲੋਂ ਮਰੀਜਾਂ ਪਾਸੋਂ ਪੁੱਛ-ਗਿੱਛ ਕੀਤੀ ਅਤੇ ਸਿਹਤ ਸੰਸਥਾਵਾਂ ਵਿਚ ਵਿਚ ਤੈਨਾਤ ਸਟਾਫ ਦੀ ਹਾਜਰੀ ਚੈਕ ਕੀਤੀ। ਇਸਦੇ ਨਾਲ ਹੀ ਜਰੂਰੀ ਦਵਾਈਆਂ ਅਤੇ ਐਮਰਜੈਂਸੀ ਸੇਵਾਵਾਂ ਦੇ ਪ੍ਰਬੰਧਾ ਦਾ ਵੀ ਜਾਇਜਾ ਲਿਆ ਗਿਆ। ਇਸ ਤੋਂ ਬਾਦ ਉਹਨਾਂ ਵਲੋਂ ਲੇਬਰ-ਰੂਮ ਅਤੇ ਗਾਇਨੀ ਵਾਰਡ ਵਿਚ ਵੀ ਚੈਕਿੰਗ ਕੀਤੀ ਅਤੇ ਸਮੂਹ ਸਟਾਫ ਨੂੰ ਸਮੇਂ ਦੇ ਪਾਬੰਦ ਰਹਿਣ, ਸਾਫ ਸਫਾਈ ਦਾ ਧਿਆਨ ਰੱਖਣ, ਮਰੀਜਾਂ ਨਾਲ ਚੰਗਾ ਵਿਵਹਾਰ ਕਰਨ ਅਤੇ ਸੇਵਾ ਭਾਵ ਨਾਲ ਕੰਮ ਕਰਨ ਲਈ ਕਿਹਾ। ਇਸ ਮੌਕੇ ਜਿਲਾ ਐਮ. ਈ.ਆਈ.ਓ. ਅਮਰਦੀਪ ਸਿੰਘ ਵੀ ਹਾਜਰ ਸਨ।



# ਜ਼ਿਲ੍ਹੇ ਨੂੰ ਪਰਾਲੀ ਸਾੜਨ ਦੀ ਪ੍ਰਥਾ ਤੋਂ ਮੁਕਤ ਕਰਨ ਲਈ ਖ਼ੁਦ ਮੈਦਾਨ ਵਿਚ ਨਿਤਰੇ ਡੀ.ਸੀ ਨਵਜੋਤ ਪਾਲ ਸਿੰਘ ਰੰਧਾਵਾ

ਨਵਾਂਸ਼ਹਿਰ, (ਲੋਕ ਬਾਣੀ) :ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅੱਜ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਨਵਾਂਸ਼ਹਿਰ, ਔੜ ਅਤੇ ਬੰਗਾ ਬਲਾਕਾਂ ਅਧੀਨ ਆਉਂਦੇ ਪਿੰਡਾਂ ਦਾ ਦੌਰਾ ਕਰਦਿਆਂ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ਦੀ ਬਜਾਏ ਇਸ ਦੇ ਯੋਗ ਪ੍ਰਬੰਧਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਖ਼ੁਦ ਜਾਗਰੂਕਤਾ ਮੁਹਿੰਮ ਦੀ ਵਾਗਡੋਰ ਸੰਭਾਲਦਿਆਂ ਵੱਖ-ਵੱਖ ਥਾਈਂ ਪੁਲਿਸ, ਖੇਤੀਬਾੜੀ ਵਿਭਾਗ, ਸਹਿਕਾਰਤਾ ਵਿਭਾਗ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਸਮੇਤ ਕਿਸਾਨਾਂ ਨਾਲ ਪਿੰਡਾਂ ਵਿਚ ਜਾ ਕੇ ਮੀਟਿੰਗਾਂ ਕਰਦਿਆਂ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੇ ਹਿੱਤਾਂ ਲਈ ਖੇਤੀ ਮਸ਼ੀਨਰੀ ਦੇ ਕੀਤੇ ਵਿਆਪਕ ਪ੍ਰਬੰਧਾਂ ਬਾਰੇ ਜਾਣੂ ਕਰਵਾਇਆ ਅਤੇ ਵਾਤਾਵਰਨ ਦੀ ਰਾਖੀ ਲਈ ਕਿਸਾਨਾਂ ਨੂੰ ਅੱਗੇ ਆਉਣ ਦਾ ਸੱਦਾ ਦਿੱਤਾ। ਇਸ ਦੌਰਾਨ ਮਲਕਪੁਰ, ਸ਼ਮਸਪੁਰ, ਰਾਹੋਂ, ਕੰਗ, ਉੜਾਪੜ, ਗੜ੍ਹੀ ਅਜੀਤ ਸਿੰਘ, ਬਖਲੌਰ, ਗਡਾਣੀ, ਭੜੋਲੀ ਅਤੇ ਮੰਡਾਲੀ ਆਦਿ ਪਿੰਡਾਂ ਵਿਚ ਕੀਤੇ ਸਾਂਝੇ ਇਕੱਠਾਂ ਦੌਰਾਨ ਕਿਸਾਨਾਂ ਦੇ ਰੂਬਰੂ ਹੁੰਦਿਆਂ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਨਿਰੰਤਰ ਕਾਰਜਸ਼ੀਲ ਹੈ ਅਤੇ ਇਸ ਸੀਜ਼ਨ ਦੌਰਾਨ ਵੀ ਖੇਤੀਬਾੜੀ ਵਿਭਾਗ ਤੇ ਸਹਿਕਾਰਤਾ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਪਿੰਡਾਂ ਵਿਚ ਸਹਿਕਾਰੀ ਸਭਾਵਾਂ ਕੋਲ ਉਪਲਬੱਧ ਮਸ਼ੀਨਰੀ ਬਾਰੇ ਕਿਸਾਨਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ, ਤਾਂ ਜੋ ਕਿਸਾਨ ਆਪਣੀ ਲੋੜ ਮੁਤਾਬਿਕ ਸਬਸਿਡੀ 'ਤੇ ਖੇਤੀ ਮਸ਼ੀਨਰੀ ਹਾਸਲ ਕਰਕੇ ਉਸ ਦੀ ਵਰਤੋਂ ਨੂੰ ਯਕੀਨੀ ਬਣਾ ਸਕਣ। ਉਨ੍ਹਾਂ ਨੇ ਕਿਸਾਨਾਂ ਤੋਂ ਸੁਝਾਅ ਵੀ ਲਏ ਅਤੇ ਸਮੇਂ-ਸਮੇਂ 'ਤੇ ਕਿਸਾਨਾਂ ਦੇ ਹਿੱਤਾਂ ਵਿਚ ਪ੍ਰਸ਼ਾਸਨ ਵੱਲੋਂ ਕੀਤੇ ਜਾਣ ਵਾਲੇ ਉਪਰਾਲਿਆਂ ਤੋਂ ਵੀ ਜਾਣੂ ਕਰਵਾਇਆ।



ਉਨ੍ਹਾਂ ਭਰਵੇਂ ਇਕੱਠਾਂ ਦੌਰਾਨ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਸਾੜਨ ਦੀ ਬਜਾਏ ਇਸ ਦੇ ਯੋਗ ਪ੍ਰਬੰਧਨ ਦੀਆਂ ਤਕਨੀਕਾਂ ਨੂੰ ਅਪਣਾਉਣ ਤਾਂ ਜੋ ਧਰਤੀ ਦੀ ਉਪਜਾਊ ਸ਼ਕਤੀ ਨੂੰ ਬਚਾਉਣ ਦੇ ਨਾਲ- ਨਾਲ ਚੌਗਿਰਦੇ ਦੀ ਸਾਂਭ-ਸੰਭਾਲ ਦੇ ਯਤਨਾਂ ਨੂੰ ਵੀ ਬੂਰ ਪੈ ਸਕੇ। ਉਨ੍ਹਾਂ ਕਿਹਾ ਕਿ ਅੱਗ ਲੱਗਣ ਦੀਆਂ ਘਟਨਾਵਾਂ ਦਾ ਸੈਟੇਲਾਈਟ ਰਾਹੀਂ ਫੌਰਨ ਪਤਾ ਲੱਗ ਜਾਂਦਾ ਹੈ, ਇਸ ਲਈ ਕਿਸੇ ਵੀ ਕਾਰਵਾਈ ਤੋਂ ਬਚਣ ਲਈ ਫਸਲੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕੀਤਾ ਜਾਵੇ।

ਐਸ. ਪੀ ਡਾ. ਮੁਕੇਸ਼ ਕੁਮਾਰ ਨੇ ਵੀ ਇਸ ਮੌਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਪਰਾਲੀ ਸਾੜਨ ਦੇ ਕਿਸੇ ਵੀ ਮਾਮਲੇ ਵਿਚ ਉਸ ਇਲਾਕੇ ਦੇ ਐਸ. ਐਚ.ਓ ਦੀ ਜ਼ਿੰਮੇਵਾਰੀ ਤੈਅ ਕੀਤੀ ਜਾਵੇਗੀ।

ਇਸ ਦੌਰਾਨ ਕਈ ਅਗਾਂਹਵਧੂ ਕਿਸਾਨਾਂ ਨੇ ਦੱਸਿਆ ਕਿ ਉਹ ਪਿਛਲੇ ਕਈ ਵਰ੍ਹਿਆਂ ਤੋਂ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ਦੀ ਥਾਂ 'ਤੇ ਧਰਤੀ ਵਿਚ ਹੀ ਰਲਾਉਣ ਜਾਂ ਯੋਗ ਪ੍ਰਬੰਧਨ ਤਕਨੀਕਾਂ ਦੀ ਵਰਤੋਂ ਨਾਲ ਵਾਤਾਵਰਨ ਦੀ ਸੰਭਾਲ ਵਿਚ ਯੋਗਦਾਨ ਪਾ ਰਹੇ ਹਨ, ਜਿਸ ਤੋਂ ਹੋਰਨਾਂ ਕਿਸਾਨਾਂ ਨੂੰ ਵੀ ਸੇਧ ਲੈਣੀ ਚਾਹੀਦੀ ਹੈ।

ਇਸ ਦੌਰਾਨ ਐਸ.ਡੀ.ਐਮ ਨਵਾਂਸ਼ਹਿਰ ਡਾ. ਅਕਸ਼ਿਤਾ ਗੁਪਤਾ, ਐਸ.ਡੀ.ਐਮ ਬੰਗਾ ਵਿਕਰਮਜੀਤ ਸਿੰਘ ਪਾਂਥੇ, ਐਸ ਡੀ ਐਮ ਰਵਿੰਦਰ ਬਾਂਸਲ ,ਜ਼ਿਲਾ ਵਿਕਾਸ ਤੇ ਪੰਚਾਇਤ ਅਫਸਰ ਨਿਧੀ ਸਿਨਹਾ, ਮੁੱਖ ਖੇਤੀਬਾੜੀ ਅਫਸਰ ਰਜਿੰਦਰ ਕੰਬੋਜ, ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਗੁਰਵਿੰਦਰਜੀਤ ਸਿੰਘ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਬਿਜਲੀ ਮਹਿਕਮੇ ਨੇ ਮੁਲਾਜ਼ਮ ਜਥੇਬੰਦੀਆਂ ਦੀ ਹੜਤਾਲ ਦੇ ਬਾਵਜੂਦ ਦਿੱਤਾ ਨਿਰਵਿਘਨ ਬਿਜਲੀ ਸਪਲਾਈ ਦਾ ਭਰੋਸਾ-ਧੀਮਾਨ



ਮਾਲੇਰਕੋਟਲਾ ;(ਕਿਮੀ ਅਰੋੜਾ) ਪੰਜਾਬ ਭਰ ਵਿੱਚ ਬਿਜਲੀ ਕਰਮਚਾਰੀਆਂ ਦੀ ਜੁਆਇੰਟ ਫੋਰਮ ਅਤੇ ਹੋਰ ਮੁਲਾਜ਼ਮ ਜਥੇਬੰਦੀਆਂ ਵੱਲੋਂ ਚੱਲ ਰਹੀ ਸੂਬਾ ਪੱਧਰੀ ਹੜਤਾਲ ਕਰਕੇ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲ ਸਕੇ, ਇਸ ਲਈ ਉੱਚ ਅਧਿਕਾਰੀਆਂ ਨੇ ਸਪੈਸ਼ਲ ਟੀਮਾਂ ਦਾ ਗਠਨ ਕੀਤਾ ਹੈ । ਇਸ ਗੱਲ ਦੀ ਜਾਣਕਾਰੀ ਮਾਲੇਰਕੋਟਲਾ ਵੰਡ ਮੰਡਲ ਦੇ ਵਧੀਕ ਨਿਗਰਾਨ ਇੰਜੀਨੀਅਰ ਹਰਵਿੰਦਰ ਸਿੰਘ ਧੀਮਾਨ ਨੇ ਦਿੱਤੀ । ਉਨ੍ਹਾਂ ਦੱਸਿਆ ਕਿ ਮੁਲਾਜ਼ਮ ਜਥੇਬੰਦੀਆਂ ਵਲੋਂ ਆਪਣੀ ਸੂਬਾ ਪੱਧਰੀ ਹੜਤਾਲ ਵਿੱਚ 17 ਸਤੰਬਰ ਤੱਕ ਦਾ ਵਾਧਾ ਕੀਤਾ ਹੈ । ਇਸ ਲਈ ਜ਼ਿਲ੍ਹੇ ਦੇ 66 ਕੇ.ਵੀ. ਗਰਿਡ ਸਬ ਸਟੇਸ਼ਨਾਂ ਉਪਰ ਵਧੀਨ ਨਿਗਰਾਨ ਇੰਜੀਨੀਅਰ,ਉਪ ਮੰਡਲ ਅਫ਼ਸਰ ਅਤੇ ਹੋਰ ਤਕਨੀਕੀ ਸਟਾਫ ਦੀ ਤਾਇਨਾਤੀ ਕੀਤੀ ਗਈ ਹੈ ਤਾਂ ਜੋ ਬਿਜਲੀ ਦੀ ਵੰਡ ਪ੍ਰਣਾਲੀ ਪ੍ਰਭਾਵਿਤ ਨਾ ਹੋਵੇ । ਇਸ ਤੋਂ ਇਲਾਵਾ ਸਪੈਸਲ ਟੀਮਾਂ ਦਾ ਗਠਨ ਵੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੀ.ਐੱਸ. ਪੀ.ਸੀ.ਐੱਲ. ਲੋਕਾਂ ਨੂੰ ਉਚ ਪੱਧਰੀ ਬਿਜਲੀ ਸੇਵਾਵਾਂ ਦੇਣ ਲਈ ਵਚਨਬੱਧ ਹੈ, ਜਿਸ ਤਹਿਤ ਬਿਜਲੀ ਮੁਲਾਜ਼ਮਾਂ ਦੀ ਹੜਤਾਲ ਦੇ ਬਾਵਜੂਦ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਅਤੇ ਉਹਨਾਂ ਦੀਆਂ ਮੁਸ਼ਕਲਾਂ ਦਾ ਫੌਰੀ ਹੱਲ ਯਕੀਨੀ ਬਣਾਇਆ ਜਾ ਰਿਹਾ ਹੈ।,ਉਨ੍ਹਾਂ ਦੱਸਿਆ ਕਿ ਮਾਲੇਰਕੋਟਲਾ ਨਿਵਾਸੀਆਂ ਨੂੰ ਹੜਤਾਲ ਦੇ ਬਾਵਜੂਦ ਪਹਿਲਾਂ ਦੀ ਤ੍ਰਰਾਂ ਹੀ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ ਤਾਂ ਜੋ ਗਰਮੀ ਦੇ ਮੌਸਮ ਦੌਰਾਨ ਉਨ੍ਹਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਨਾ ਆਵੇ । ਉਨ੍ਹਾਂ ਜ਼ਿਲ੍ਹਾ ਨਿਵਾਸੀਆਂ ਨੂੰ ਕਿਹਾ ਕਿ ਬਿਜਲੀ ਦੀ ਸਪਲਾਈ ਪ੍ਰਭਾਵਿਤ ਹੋਣ ਤੇ ਹੈਲਪਲਾਈਨ ਨੰਬਰ 1912 ਜਾਂ 96461-18974 ਸੰਪਰਕ ਕਰਨ ਅਤੇ ਉਨ੍ਹਾਂ ਭਰੋਸਾ ਦਵਾਇਆ ਕਿ ਕਰਮਚਾਰੀਆਂ ਦੇ ਹੜਤਾਲ ਤੇ ਹੋਣ ਦੇ ਬਾਵਜੂਦ ਵੀ ਤਕਨੀਕੀ ਮਾਹਿਰਾਂ ਵਲੋਂ ਤੁਰੰਤ ਬਿਜਲੀ ਦੀ ਸਪਲਾਈ ਨੂੰ ਫੌਰੀ ਤੌਰ ਤੇ ਚਾਲੂ ਕੀਤਾ ਜਾਵੇਗਾ ।

# ਵਿਕਾਸ ਤੇ ਪੰਚਾਇਤ ਦਫਤਰ ਵੱਲੋਂ ਕਿਸੇ ਵੀ ਗਰਾਮ ਪੰਚਾਇਤ ਪ੍ਰਬੰਧਕ/ ਪੰਚਾਇਤ ਸਕੱਤਰ ਨੂੰ ਕਿਸੇ ਇੱਕੋ ਹੀ ਫੈਕਟਰੀ ਦੀ ਟਾਈਲ ਲਗਾਉਣ ਬਾਰੇ ਕੋਈ ਹਦਾਇਤ ਜਾਰੀ ਨਹੀਂ- ਰਿੰਪੀ ਗਰਗ

ਮਾਲੇਰਕੋਟਲਾ :(ਕਿਮੀ ਅਰੋੜਾ ਅਸਲਮ ਨਾਜ਼,) ਜ਼ਿਲਾ ਵਿਕਾਸ ਅਤੇ ਪੰਚਾਇਤ ਅਫਸਰ ਰਿੰਪੀ ਗਰਗ ਨੇ ਦੱਸਿਆ ਕਿ ਜ਼ਿਲੇ ਦੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਗੁਣਵਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਉੱਚ ਪੱਧਰੀ ਕੁਆਲਿਟੀ ਦੀਆਂ ਇੰਟਰਲਾਕ ਟਾਈਲਾਂ ਅਤੇ ਹੋਰ ਸਮੱਗਰੀ ਦਾ ਪ੍ਰਯੋਗ ਕੀਤਾ ਜਾ ਰਿਹਾ ਹੈ ਤਾਂ ਜੋ ਵਿਕਾਸ ਕੰਮਾਂ ਦਾ ਗੁਣਵੰਤਾ ਬਣੀ ਰਹੇ। ਉਨ੍ਹਾਂ ਦੱਸਿਆ ਕਿ ਵਿਕਾਸ ਕਾਰਜਾਂ ਵਿੱਚ ਵਰਤੋ ਕੀਤੇ ਜਾਣ ਵਾਲੇ ਸਾਮਾਨ ਦੀ ਖਰੀਦ ਸਰਕਾਰੀ ਗਾਈਡਲਾਈਨ ਨੂੰ ਮੁੱਖ ਰੱਖ ਕੇ ਹੀ ਕੀਤੀ ਜਾ ਪਿਛਲੇ ਦਿਨੀ ਅਖਬਾਰ ਵਿੱਚ ਪ੍ਰਕਾਸ਼ਿਤ ਹੋਈ ਖਬਰ ਅਨੁਸਾਰ ਸਾਰੇ ਕਾਰਜਾਂ ਲਈ ਵਰਤੀਆਂ ਜਾਣ ਵਾਲੀਆਂ ਟਾਈਲਾਂ ਇੱਕੋ ਫੈਕਟਰੀ ਤੋਂ ਲੈਣ ਦਾ ਅੰਦੇਸ਼ਾ ਜ਼ਾਹਿਰ ਕੀਤਾ ਗਿਆ ਸੀ। ਜਿਸ ਤੇ ਸਪੱਸਟ ਕਰਦਿਆ ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਵਰਤੀ ਜਾਣ ਵਾਲੀ ਇੰਟਰਲਾਕ ਟਾਈਲ ਲੈਬੋਰਟਰੀ ਜਾਂਚ ਕਰਨ ਉਪਰੰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹੀ ਲਗਾਈ ਜਾਣ ਦੀ ਹਦਾਇਤ ਪਹਿਲਾਂ ਤੋਂ ਹੀ ਕੀਤੀ ਗਈ ਹੈ।ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਨੇ ਇਹ ਸਪੱਸਟ ਕੀਤਾ ਹੈ ਕਿ ਵਿਕਾਸ ਤੇ ਪੰਚਾਇਤ ਦਫਤਰ ਵੱਲੋਂ ਕਿਸੇ ਵੀ ਗਰਾਮ ਪੰਚਾਇਤ ਪ੍ਰਬੰਧਕ/ ਪੰਚਾਇਤ ਸਕੱਤਰ ਨੂੰ ਕਿਸੇ ਇੱਕੋ ਫੈਕਟਰੀ ਦੀ ਟਾਈਲ ਲਗਾਉਣ ਬਾਰੇ ਹਦਾਇਤ ਨਹੀਂ ਕੀਤੀ ਗਈ। ਸਗੋਂ ਟਾਈਲਾਂ ਦੀ ਖਰੀਦ ਸਰਕਾਰ ਦੀ ਗਾਈਡ ਲਾਈਨਸ ਅਨੁਸਾਰ ਹੀ



ਆਈ.ਐਸ.ਆਈ ਮਾਰਕਾ ਦੀ ਪਰਖ ਅਤੇ ਤਕਨੀਕੀ ਵਿੰਗ ਦੁਆਰਾ ਕੁਆਲਿਟੀ ਜਾਂਚ ਕਰਨ ਉਪਰੰਤ ਹੀ ਵਰਤੋਂ ਵਿੱਚ ਲਿਆਂਦੀਆਂ ਜਾਂਦੀਆਂ ਹਨ।ਉਨ੍ਹਾਂ ਸਬੰਧਤ ਵਿੰਗ ਦੇ ਅਧਿਕਾਰੀਆਂ ਨੂੰ ਹਦਾਇਤ ਜਾਰੀ ਕੀਤੀ ਕਿ ਵਿਕਾਸ ਕਾਰਜਾਂ ਦੇ ਕੰਮਾਂ ਵਿੱਚ ਗੁਣਵੰਤਾ ਦਾ ਵਿਸ਼ੇਸ ਧਿਆਨ ਰੱਖਿਆ ਜਾਵੇ। ਉਹ ਖੁਦ ਕੰਮਾਂ ਵਾਲੇ ਸਥਾਨਾਂ ਤੇ ਜਾ ਕੇ ਕੰਮ ਦੇ ਮਿਆਰ ਦੀ ਚੈਕਿੰਗ ਕਰਨ ਨੂੰ ਯਕੀਨੀ




ਬਣਾਉਣ।

ਰੋਜ਼ਾਨਾ ਲੋਕ ਬਾਣੀ www.lokbani

# ਖ਼ਾਲਸਾ ਕਾਲਜ ਵੂਮੈਨ ਨੇ ਸਵੱਛ ਭਾਰਤ ਮਿਸ਼ਨ 'ਚ ਦੂਜਾ ਸਥਾਨ ਪ੍ਰਾਪਤ ਕੀਤਾ



ਅੰਮ੍ਰਿਤਸਰ, (ਲੋਕ ਬਾਣੀ))—ਖ਼ਾਲਸਾ ਕਾਲਜ ਫ਼ਾਰ ਵੂਮੈਨ ਨੇ ਨਗਰ ਨਿਗਮ ਅਧੀਨ ਚੱਲ ਰਹੇ ਸਵੱਛ ਭਾਰਤ ਮਿਸ਼ਨ 'ਚੋਂ ਯੂਨੀਵਰਸਿਟੀ, ਕਾਲਜ ਵਰਗ 'ਚ ਦੂਜਾ ਇਨਾਮ ਪ੍ਰਾਪਤ ਕੀਤਾ ਹੈ।

ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਇਹ ਪੁਰਸਕਾਰ ਸਾਡੀ ਸੰਸਥਾ ਦੇ ਸ਼ਹਿਰੀ ਸਵੱਛਤਾ ਅਤੇ ਵਾਤਾਵਰਣ ਦੀ ਸਥਿਰਤਾ ਪ੍ਰਤੀ ਸਮਰਪਣ ਨੂੰ ਮਾਨਤਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਇੱਕ ਸਵੱਛ ਅਤੇ ਹਰਿਆ ਭਰਿਆ ਕੈਂਪਸ ਬਣਾਈ ਰੱਖਣ ਤੇ ਸ਼ਹਿਰ-ਵਿਆਪੀ ਸਫ਼ਾਈ ਪਹਿਲਕਦਮੀਆਂ 'ਚ ਸਰਗਰਮੀ ਨਾਲ ਹਿੱਸਾ ਲੈਣ ਲਈ ਕਾਲਜ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਉਕਤ ਸਥਾਨ ਪ੍ਰਾਪਤ ਕਰਨ 'ਤੇ ਖ਼ੁਸ਼ੀ ਜਾਹਿਰ ਕਰਦਿਆਂ ਕਿਹਾ ਕਿ ਸਮਾਜ ਲਈ ਇਕ ਸਾਫ਼, ਸਿਹਤਮੰਦ ਵਾਤਾਵਰਣ ਸਬੰਧੀ ਯੋਗਦਾਨ ਪਾਉਣ ਲਈ ਹਮੇਸ਼ਾਂ ਤੱਤਪਰ ਰਹਿਣਗੇ।

ਰੋਜ਼ਾਨਾ ਲੋਕ ਬਾਣੀ www.lokbani

# ਰੈਡ ਕਰਾਸ ਹਮੇਸ਼ਾ ਲੋੜਵੰਦਾਂ ਦੀ ਮਦਦ ਲਈ ਤਤਪਰ-ਡਿਪਟੀ ਕਮਿਸ਼ਨਰ

ਅੰਮ੍ਰਿਤਸਰ (ਲੋਕ ਬਾਣੀ)- ਰੈਡ ਕਰਾਸ ਹਮੇਸ਼ਾਂ ਹੀ ਲੋੜਵੰਦਾਂ ਦੀ ਮਦਦ ਲਈ ਅੱਗੇ ਰਿਹਾ ਹੈ ਅਤੇ ਰੈਡ ਕਰਾਸ ਦੀ ਸਹਾਇਤਾ ਨਾਲ ਹਰ ਮਹੀਨੇ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ, ਸਿਲਾਇ ਮਸ਼ੀਨਾਂ ਅਤੇ ਟ੍ਰਾਈ ਸਾਈਕਲ ਵੀ ਲੋੜਵੰਦਾਂ ਨੂੰ ਮੁਹੱਈਆ ਕਰਵਾਏ ਜਾਂਦੇ ਹਨ।




ਰੋਜ਼ਾਨਾ ਲੋਕ ਬਾਣੀ www.lokbani

ਇਨਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਅੱਜ ਰੈਡ ਕਰਾਸ ਭਵਨ ਵਿਖੇ ਈ ਐਮ ਸੀ ਸੁਪਰਸਪੈਸ਼ਿਲਟੀ ਹਸਪਤਾਲ ਵਲੋਂ ਚਲਾਈ ਜਾਣ ਵਾਲੀ ਓਪੀਡੀ ਦਾ ਉਦਘਾਟਨ ਕਰਨ ਸਮੇਂ ਕੀਤਾ। ਉਨਾਂ ਕਿਹਾ ਕਿ ਈ ਐਮ ਸੀ ਸੁਪਰਸਪੈਸ਼ਿਲਟੀ ਹਸਪਤਾਲ ਦੇ ਪ੍ਰਬੰਧਕੀ ਨਿਰਦੇਸ਼ਕ ਸ੍ਰੀ ਪਵਨ ਅਰੋੜਾ ਦੇ ਸਹਿਯੋਗ ਨਾਲ ਰੈਡ ਕਰਾਸ ਭਵਨ ਵਿਖੇ ਹਰ ਰੋਜ਼ ਸਵੇਰੇ 10:00 ਵਜੇ ਤੋਂ 12:00 ਵਜੇ ਤੱਕ ਮਾਹਰ ਡਾਕਟਰਾਂ ਵਲੋਂ ਮਰੀਜਾਂ ਦਾ ਚੈਕਅਪ ਕੀਤਾ ਜਾਵੇਗਾ। ਉਨਾਂ ਕਿਹਾ ਕਿ ਜਿਲ੍ਹੇ ਦੇ ਦਾਨੀ ਸਜਣਾਂ ਵਲੋਂ ਰੈਡ ਕਰਾਸ ਨੂੰ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾਂਦੀ ਹੈ ਜਿਸ ਨਾਲ ਲੋੜਵੰਦਾਂ ਦੀ ਮਦਦ ਕੀਤੀ ਜਾਂਦੀ ਹੈ। ਉਨਾਂ ਕਿਹਾ ਕਿ ਕੋਵਿਡ 19 ਦੌਰਾਨ ਵੀ ਰੈਡ ਕਰਾਸ ਵਲੋਂ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਅਤੇ ਰਾਸ਼ਨ ਵੀ ਮੁਹੱਈਆ ਕਰਵਾਇਆ ਜਾਂਦਾ ਰਿਹਾ ਹੈ। ਉਨਾਂ ਨੇ ਜਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਰੈਡ ਕਰਾਸ ਦੀ ਵੱਧ ਤੋਂ ਵੱਧ ਵਿੱਤੀ ਮਦਦ ਕਰਨ ਤਾਂ ਜੋ ਲੋੜਵੰਦ ਲੋਕਾਂ ਨੂੰ ਸਹਾਇਤਾ ਮੁਹੱਈਆ ਕਰਵਾਈ ਜਾ ਸਕੇ।

ਇਸ ਮੌਕੇ ਸਹਾਇਕ ਕਮਿਸ਼ਨਰ ਮੈਡਮ ਗੁਰਸਿਮਰਨਜੀਤ ਕੌਰ ਨੇ ਕਿਹਾ ਕਿ ਇਸ ਓਪੀਡੀ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾਵੇਗਾ। ਉਨਾਂ ਕਿਹਾ ਕਿ ਰੈਡ ਕਰਾਸ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਸ਼ਹਿਰ ਵਿੱਚ ਕਈ ਥਾਵਾਂ ਤੇ ਸਾਂਝੀ ਰਸੋਈ ਵੀ ਚਲਾ ਰਿਹਾ ਹੈ। ਜਿਥੇ ਲੋੜਵੰਦਾਂ ਨੂੰ 10 ਰੁਪਏ ਵਿੱਚ ਖਾਣੇ ਦੀ ਥਾਲੀ ਮੁਹੱਈਆ ਕਰਵਾਈ ਜਾਂਦੀ ਹੈ। ਇਸ ਮੌਕੇ ਸ੍ਰੀ ਸੈਮਸਨ ਮਸੀਹ ਸਕੱਤਰ ਰੈਡ ਕਰਾਸ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਰੈਡ ਕਰਾਸ ਸੰਸਥਾ ਦਾ ਜਨਮ ਲੋੜਵੰਦ ਲੋਕਾਂ ਦੀ ਮਦਦ ਲਈ ਹੀ ਹੋਇਆ ਹੈ।

ਇਸ ਮੌਕੇ ਸਹਾਇਕ ਕਮਿਸ਼ਨਰ ਮੈਡਮ ਗੁਰਸਿਮਰਨਜੀਤ ਕੌਰ, ਸੈਮਸਨ ਮਸੀਹ ਸਕੱਤਰ ਰੈਡ ਕਰਾਸ ਅਤੇ ਸਮੂਹ ਰੈਡ ਕਰਾਸ ਸਟਾਫ ਨੇ ਡਿਪਟੀ ਕਮਿਸ਼ਨਰ ਦੀ ਬਦਲੀ ਹੋਣ ਤੇ ਵਿਦਾਇਗੀ ਪਾਰਟੀ ਵੀ ਦਿੱਤੀ ਅਤੇ ਯਾਦਗਾਰੀ ਚਿੰਨ੍ਹ ਵੀ ਭੇਟ ਕੀਤਾ।

# ਮੈਕਡੋਨਲਡਜ਼ ਇੰਡੀਆ ਨੇ ਗੋਮੇ ਬਰਗਰਜ਼ ਦਾ ਸਿਗਨੇਚਰ ਕਲੈਕਸ਼ਨ ਲਾਂਚ ਕੀਤਾ

ਰੋਜ਼ਾਨਾ ਲੋਕ ਬਾਣੀ www.lokbani

ਚੰਡੀਗੜ੍ਹ, (ਲੋਕ ਬਾਣੀ): ਮੈਕਡੋਨਲਡਜ਼ ਇੰਡੀਆ - ਨਾਰਥ ਐਂਡ ਈਸਟ ਨੇ ਗੋਮੇ ਬਰਗਰਜ਼ ਦੇ ਆਪਣੇ ਲਾਈਨਅੱਪ ਦੇ ਰੂਪ ਵਿੱਚ ਇੱਕ ਨਵਾਂ 'ਸਿਗਨੇਚਰ ਕਲੈਕਸ਼ਨ' ਲਾਂਚ ਕਰਨ ਦਾ ਐਲਾਨ ਕੀਤਾ ਹੈ। 'ਸਿਗਨੇਚਰ ਕਲੈਕਸ਼ਨ' ਦਾ ਉਦੇਸ਼ ਮੈਕਡੋਨਲਡ ਦੇ ਆਈਕਾਨਿਕ ਮੀਨੂ ਵਿੱਚ ਵਿਸ਼ੇਸ਼

ਪਕਵਾਨਾਂ ਨੂੰ ਸ਼ਾਮਲ ਕਰਕੇ ਵਧ ਰਹੇ ਪ੍ਰੀਮੀਅਮ ਖੰਡ ਵਿੱਚ ਆਪਣੀ ਮੌਜੂਦਗੀ ਵਧਾਉਣਾ

ਹੈ। ਇਸ ਰਾਹੀਂ ਤਤਕਾਲ ਸੇਵਾ ਰੈਸਟੋਰੈਂਟ ਉਦਯੋਗ ਵਿੱਚ ਕੁਆਲਿਟੀ ਅਤੇ ਸਵਾਦ ਸਬੰਧੀ ਨਵੇਂ ਮਾਪਦੰਡ ਤੈਅ ਕੀਤੇ ਜਾਣਗੇ।

ਲਾਂਚ ਤੋਂ ਠੀਕ ਪਹਿਲਾਂ, ਮੈਕਡੋਨਲਡਜ਼ ਨੇ '9✡▲✚⇦✪✥ ⇦✪ 19' ਮੁਹਿੰਮ ਦੀ ਸ਼ੁਰੂਆਤ ਕੀਤੀ ਹੈ, ਜਿਸਦਾ ਉਦੇਸ਼ ਗਾਹਕਾਂ ਲਈ ਇੱਕ ਦਿਲਚਸਪ ਅਨੁਭਵ ਬਣਾਉਣ ਲਈ 19 ਤਕਨਾਲੋਜੀ ਦਾ ਲਾਭ ਉਠਾਉਣਾ ਹੈ ਜਿੱਥੇ ਉਹ ਸਿਗਨੇਚਰ ਕਲੈਕਸ਼ਨ ਦੀ ਕਲਪਨਾ ਕਰ ਸਕਦੇ ਹਨ। ਇਹ ਮੁਹਿੰਮ ਗਾਹਕਾਂ ਨੂੰ ਬ੍ਰਾਂਡ ਦੇ ਨਾਲ ਇੱਕ ਇਮਰਸਿਵ ਅਨੁਭਵ ਪ੍ਰਦਾਨ ਕਰਨ ਲਈ 19 ਦੁਆਰਾ ਤਿਆਰ ਕੀਤੇ ਵਿਜ਼ੁਅਲਸ ਦੇ ਨਾਲ ਉਪਭੋਗਤਾ ਇਨਪੁਟ ਨੂੰ ਜੋੜਦੀ ਹੈ, ਨਾਲ ਹੀ ਉਹਨਾਂ ਨੂੰ ਸਿਗਨੇਚਰ ਕਲੈਕਸ਼ਨ ਰਿਵਾਰਡ ਕਾਰਡ ਲਾਭਾਂ ਦਾ ਲਾਭ ਲੈਣ ਦਾ ਮੌਕਾ ਵੀ ਦਿੰਦੀ ਹੈ।

ਰਾਜੀਵ ਰੰਜਨ, ਮੈਨੇਜਿੰਗ ਡਾਇਰੈਕਟਰ, ਮੈਕਡੋਨਲਡਜ਼ ਇੰਡੀਆ – ਨੌਰਥ ਐਂਡ ਈਸਟ ਨੇ ਕਿਹਾ, ਅਸੀਂ ਗੋਮੇ ਬਰਗਰਜ਼ ਦੇ ਸਿਗਨੇਚਰ ਕਲੈਕਸ਼ਨ ਲਈ ਕੁਝ ਖਾਸ ਇੰਗ੍ਰੇਡਿਐਂਟਸ ਦੀ ਚੋਣ ਕੀਤੀ ਹੈ, ਜੋ ਵਧੀਆ ਸੁਆਦ ਦਾ




ਅਨੁਭਵ ਪ੍ਰਦਾਨ ਕਰਨਗੇ। ਹਰੇਕ ਬਰਗਰ ਨੂੰ ਇੱਕ ਵਿਲੱਖਣ ਅਨੁਭਵ ਬਣਾਉਣ ਲਈ ਮੁਹਾਰਤ ਨਾਲ ਤਿਆਰ ਕੀਤਾ ਜਾਵੇਗਾ। ਇਸ ਕਲੈਕਸ਼ਨ ਦੁਆਰਾ, ਗੋਮੇ ਦੀ ਗੁਣਵੱਤਾ ਅਤੇ ਮੈਕਡੋਨਲਡਜ਼ ਦੇ ਮਨਪਸੰਦ ਸੁਆਦਾਂ ਨੂੰ ਜੋੜਦੇ ਹੋਏ, ਖਾਣੇ ਦੇ ਅਨੁਭਵ ਨੂੰ ਨਵੀਆਂ ਉਚਾਈਆਂ ਤੇ ਲਿਜਾਇਆ ਜਾਵੇਗਾ।

ਮੈਕਡੋਨਲਡਜ਼ ਨੇ ਸਭ ਤੋਂ ਵਧੀਆ ਇੰਗ੍ਰੇਡਿਐਂਟਸ, ਟੌਪਿੰਗਜ਼ ਅਤੇ ਗੋਮੇ ਪੈਟੀਜ਼ ਨੂੰ ਜੋੜਨ ਲਈ ਬਹੁਤ ਉਪਰਾਲੇ ਕੀਤੇ ਹਨ, ਜੋ ਮੈਕਡੋਨਲਡ ਦੇ ਗਾਹਕਾਂ ਨੂੰ ਵਿਲੱਖਣ ਸਵਾਦ ਅਤੇ ਵਧੀਆ ਖਾਣੇ ਦਾ ਅਨੁਭਵ ਪ੍ਰਦਾਨ ਕਰਦੇ ਹਨ।

ਦੋ ਵਿਕਲਪ: ਗ੍ਰੈਂਡ ਪਨੀਰ (ਗੋਮ ਵੇਜ) ਅਤੇ ਗ੍ਰੈਂਡ ਚਿਕਨ (ਗੋਮੇ ਨਾਨ ਵੈਜ) ਕ੍ਰਮਵਾਰ 225 ਰੁਪਏ ਅਤੇ 229 ਰੁਪਏ ਵਿੱਚ ਉਪਲਬਧ ਹੋਣਗੇ। ਨਵਾਂ 'ਸਿਗਨੇਚਰ ਕਲੈਕਸ਼ਨ' ਕਿਸੇ ਵੀ ਸਮੇਂ, ਕਿਤੇ ਵੀ ਸੰਪੂਰਨ ਭੋਜਨ ਹੈ। ਇਨ੍ਹਾਂ ਦਾ ਆਨੰਦ ਕਿਸੇ ਵੀ ਨੇੜਲੇ ਮੈਕਡੋਨਲਡਜ਼ ਰੈਸਟੋਰੈਂਟ ਵਿੱਚ ਜਾ ਕੇ ਜਾਂ ਡਿਲੀਵਰੀ (ਸਵਿਗੀ, ਜ਼ੋਮੈਟੋ ਜਾਂ ਮੈਜਿਕ ਪਿਨ), ਟੇਕਵੇਅ ਜਾਂ ਗੱਡੀ ਰਾਹੀਂ ਲਿਆ ਜਾ ਸਕਦਾ ਹੈ।

# ਰਾਧਾ ਸੁਆਮੀ ਡੇਰਾ ਬਾਬਾ ਬੱਗਾ ਸਿੰਘ ਜੀ ਰੇਲਵੇ ਰੋਡ ਤਰਨਤਾਰਨ,ਦੇ ਭੰਡਾਰੇ ਨੂੰ ਲੈ ਕੇ ਸੰਗਤਾਂ ਵਿੱਚ ਬਹੁਤ ਹੀ ਖੁਸ਼ੀ ਵਾਲਾ ਉਤਸਾਹ

ਅੰਮ੍ਰਿਤਸਰ (ਅਰਵਿੰਦਰ ਵੜੈਚ)- ਰਾਧਾ ਸੁਆਮੀ ਡੇਰਾ ਬਾਬਾ ਬੱਗਾ ਸਿੰਘ ਜੀ ਰੇਲਵੇ ਰੋਡ ਤਰਨ ਤਾਰਨ ਵਿਖੇ ਬਾਬਾ ਦੇਵਾ ਜੀ ਮਹਾਰਾਜ ਦਾ ਭੰਡਾਰਾ 22 ਸਿਤੰਬਰ 2024, ਦਿਨ ਐਤਵਾਰ ਨੂੰ ਬੁਹਤ ਹੀ ਸ਼ਰਧਾ ਤੇ ਧੂਮ ਧਾਮ ਨਾਲ ਮਨਾਇਆ ਜਾਵੇਗਾ।




ਇਸ ਭੰਡਾਰੇ ਵਿੱਚ,ਭਾਰਤ ਦੇ ਵੱਖ ਵੱਖ ਰਾਜਾਂ ਅਤੇ ਦੇਸ਼ ਵਿਦੇਸ਼ਾਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਪੂਰੇ ਉਤਸਾਹ ਨਾਲ ਹਾਜ਼ਰੀਆਂ ਭਰਨਗੀਆਂ।

ਡੇਰਾ ਮੁਖੀ ਬਾਬਾ ਪਰਮਜੀਤ ਸਿੰਘ ਜੀ ਸਵੇਰੇ 10 ਵਜੇ ਤੋ ਲੈ ਕੇ ਦੁਪਹਿਰ 12-00 ਵਜੇ ਤੱਕ ਡੇਰੇ ਦੇ ਅੰਦਰ ਸਤਸੰਗ ਫਰਮਾਉਣਗੇ ।ਜਿਸ ਉਪਰੰਤ ਸੰਗਤਾਂ ਵਿੱਚ ਗੁਰੂ ਘਰ ਦਾ ਅਟੁੱਟ ਲੰਗਰ ਵੀ ਵਰਤਾਇਆ ਜਾਵੇਗਾ। ਡੇਰੇ ਤੋਂ ਸੇਵਾਦਾਰ ਸੁਨੀਤਾ ਜੀ,ਬਲਬੀਰ ਭਸੀਨ, ਅਰਜੁਨ ਅਗਰਵਾਲ ਨੇ ਜਾਣਕਾਰੀ ਦੌਰਾਨ ਦੱਸਿਆ ਕਿ ਵਾਹਨਾਂ ਦੀ ਪਾਰਕਿੰਗ ਨੂੰ ਲੈ ਕੇ ਸੰਗਤਾਂ ਲਈ ਹਰ ਪ੍ਰਕਾਰ ਦੀ ਸਹੂਲਤ ਦਾ ਧਿਆਨ ਰੱਖਿਆ ਜਾ ਰਿਹਾ ਹੈ। ਰਾਧਾ ਸੁਆਮੀ ਡੇਰਾ ਬਾਬਾ ਬੱਗਾ ਸਿੰਘ ਜੀ ਵਿਖੇ ਹਾਜ਼ਰੀਆਂ ਭਰ ਕੇ ਅਤੇ ਬਾਬਾ ਪਰਮਜੀਤ ਸਿੰਘ ਜੀ ਦੇ ਸਤਸੰਗ ਦੇ ਨਾਲ ਜਿੱਥੇ ਸੰਗਤਾਂ ਨਿਹਾਲ ਹੁੰਦੀਆਂ ਹਨ ਉੱਥੇ ਮਨ ਨੂੰ ਸਕੂਨ ਮਿਲਦਾ ਹੈ ਅਤੇ ਸੰਗਤਾਂ ਸਮਾਜਿਕ ਬੁਰਾਈਆਂ ਤੋਂ ਦੂਰ ਹੱਟ ਕੇ ਗੁਰੂ ਚਰਨਾਂ ਵਿੱਚ ਨਤਮਸਤਕ ਹੁੰਦੀਆਂ ਹਨ। ਜਿੱਥੇ ਸੱਚ ਦੀ ਕਮਾਈ ਦਾ ਸੰਦੇਸ਼ ਮਿਲਦਾ ਹੈ ਉਸਦੇ ਨਾਲ ਸੰਗਤਾਂ ਹਰ ਸੇਵਾ ਵਿਚ ਅਹਿਮ ਯੋਗਦਾਨ ਅਦਾ ਕਰਦੀਆਂ ਹਨ। ਸੰਗਤਾਂ ਦਾ ਮੰਨਣਾ ਹੈ ਕਿ ਇਸ ਸਥਾਂਨ ਤੇ ਆ ਕੇ ਇੰਸਾਨ ਲੋਭ ਮੋਹ ਹੰਕਾਰ ਦਾ ਤਿਆਗ ਕਰਕੇ ਗੁਰੂ ਵਾਲੇ ਬਣਦੇ ਹੋਏ ਸੁਖਦਾਈ ਜੀਵਨ ਬਤੀਤ ਕਰਦੇ ਹਨ। ਛੋਟੇ ਬੱਚੇ ਆਪਣੇ ਵੱਡਿਆਂ ਤੋਂ ਚੰਗੀਆਂ ਸਿੱਖਿਆਵਾਂ ਗ੍ਰਹਿਣ ਕਰਕੇ ਗੁਰੂ ਬਾਣੀ ਵਿੱਚ ਲੀਨ ਹੁੰਦੇ ਹਨ ਅਤੇ ਗੁਰੂ ਸਾਹਿਬਾਨਾਂ ਵੱਲੋਂ ਦੱਸੇ ਮਾਰਗ ਤੇ ਚਲਦਿਆਂ ਆਪਣਾ ਜੀਵਨ ਸਫਲ ਕਰਨ ਦਾ ਸੰਦੇਸ਼ ਪ੍ਰਾਪਤ ਕਰਦੇ ਹਨ।

ਰੋਜ਼ਾਨਾ ਲੋਕ ਬਾਣੀ
www.lokbani

# ਡਾ. ਭਵਾਨੀ ਸ਼ੰਕਰ ਗਰਗ ਦੀ ਸੇਵਾਮੁਕਤੀ ਤੇ ਵਿਸ਼ੇਸ਼ ਸਨਮਾਨ ਸਮਾਗਮ

ਬਰੇਟਾ: (ਲੋਕ ਬਾਣੀ) ਸਥਾਨਕ ਲੋਕ ਹਿੱਤ ਕਲੱਬ ਅਤੇ ਸਾਹਿਤ ਤੇ ਕਲਾ ਮੰਚ ਪੰਜਾਬ ਵੱਲੋਂ ਸਾਂਝੇ ਤੌਰ ਤੇ ਡਾ. ਭਵਾਨੀ ਸ਼ੰਕਰ ਗਰਗ ਦੀ ਸੇਵਾ ਮੁਕਤੀ ਦੇ ਸੰਬੰਧ ਵਿਚ ਇਕ ਵਿਸ਼ੇਸ਼ ਸਨਮਾਨ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਕੱਲਬ ਦੇ ਚੇਅਰਮੈਨ ਪਵਨ ਕੁਮਾਰ ਭੋਲੂ, ਮਾਸਟਰ ਕ੍ਰਿਸ਼ਨ ਗੋਇਲ, ਮੈਡਮ ਕੁਸਮ ਲਤਾ, ਡਾ. ਭਵਾਨੀ ਸ਼ੰਕਰ ਗਰਗ ਤੇ ਮੈਡਮ ਅੰਜਨਾ ਰਾਣੀ ਬਿਰਾਜਮਾਨ ਹੋਏ। ਸਮਾਗਮ ਦੀ ਸ਼ੁਰੂਆਤ ਸਟੇਟ ਐਵਾਰਡੀ ਅਧਿਆਪਕ ਮਹਿੰਦਰਪਾਲ ਬਰੇਟਾ ਨੇ ਮਰਹੂਮ ਸ਼ਾਇਰ ਸੁਰਜੀਤ ਪਾਤਰ ਦੀ ਗਜ਼ਲ ਗਾ ਕੇ ਕੀਤੀ। ਇਸ ਉਪਰੰਤ ਮਾਸਟਰ ਕ੍ਰਿਸ਼ਨ ਗੋਇਲ ਨੇ ਜੀ ਆਇਆ ਨੂੰ ਕਹਿੰਦਿਆਂ ਡਾ. ਭਵਾਨੀ ਸ਼ੰਕਰ ਗਰਗ ਦੇ ਜੀਵਨ ਤੇ ਸ਼ਖ਼ਸੀਅਤ ਬਾਰੇ ਚਾਨਣਾ ਪਾਇਆ। ਇਸ ਮੌਕੇ ਤੇ ਬੋਲਦਿਆ ਪ੍ਰਿੰਸੀਪਲ ਦਰਸ਼ਨ ਸਿੰਘ ਬਰੇਟਾ, ਜਗਦੀਸ਼ ਰਾਏ ਕੁਲਰੀਆਂ, ਸਰਦੂਲ ਸਿੰਘ ਚਹਿਲ ਅਤੇ ਸੁਸ਼ੀਲ ਕੁਮਾਰ ਸ਼ੀਲਾ ਨੇ ਕਿਹਾ ਕਿ ਡਾ. ਭਵਾਨੀ ਸ਼ੰਕਰ ਗਰਗ ਨੇ ਸਿਹਤ ਵਿਭਾਗ ਵਿਚ ਲਗਾਤਾਰ 39 ਸਾਲ ਇਮਾਨਦਾਰੀ ਤੇ ਤਨਦੇਹੀ ਨਾਲ ਸੇਵਾ ਕੀਤੀ ਹੈ। ਇਨ੍ਹਾਂ ਨੇ ਪੰਜਾਬ ਦੇ ਲਗਭਗ 13 ਜਿਲਿਆਂ ਵਿਚ ਆਪਣੀਆਂ ਸੇਵਾਵਾਂ ਦਿਤੀਆਂ। ਇਕ ਆਮ ਜਿਹੇ ਪਰਿਵਾਰ ਵਿਚੋਂ ਉਠ ਕੇ ਇਨਾਂ ਨੇ 9 ਵਿਸ਼ਿਆ ਵਿਚ ਐਮ.ਏ ਤੋਂ ਇਲਾਵਾ ਐਮ. ਫਿਲ (ਪੰਜਾਬੀ), ਪੀਐਚ.ਡੀ ਅਤੇ ਐਲ.ਐਲ.ਬੀ ਵਰਗੀਆਂ ਵੱਕਾਰੀ ਡਿਗਰੀਆਂ ਪ੍ਰਾਪਤ ਕੀਤੀਆਂ। ਇਹ ਵੱਖ ਵੱਖ ਸਮਾਜ ਸੇਵੀ ਅਤੇ ਸਾਹਿਤਕ ਜਥੇਬੰਦੀਆਂ ਨਾਲ ਜੁੜ ਕੇ ਸਮਾਜ ਨੂੰ ਚੰਗੇਰਾ ਬਣਾਉਣ ਵਿਚ ਵੀ ਯੋਗਦਾਨ ਪਾ ਰਹੇ ਹਨ। ਡਾ. ਭਵਾਨੀ ਸ਼ੰਕਰ ਗਰਗ ਨੇ ਆਪਣੇ ਬਚਪਨ ਤੋਂ ਲੈ ਕੇ ਹੁਣ ਤਕ ਦੇ ਸਫ਼ਰ ਨੂੰ ਯਾਦ ਕੀਤਾ ਅਤੇ ਦੱਸਿਆ ਕਿ ਕਿਸ ਤਰਾਂ ਉਹ ਸਖ਼ਤ



ਮਿਹਨਤ ਤੇ ਦ੍ਰਿੜ ਇਰਾਦੇ ਨਾਲ ਆਪਣੀ ਮੰਜ਼ਿਲ ਤੇ ਪਹੁੰਚੇ। ਉਨਾਂ ਨੇ ਆਪਣੇ ਪੀਐਚ.ਡੀ ਦੇ ਖੋਜ ਕਾਰਜ 'ਕਬੀਰ ਬਾਣੀ ਵਿਚ ਰਹੱਸ ਅਨੁਭਵ-ਸ਼੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਬਾਣੀ ਅਨੁਸਾਰ' ਬਾਰੇ ਵੀ ਚਾਨਣਾ ਪਾਇਆ। ਵੱਖ ਵੱਖ ਸੰਸਥਾਵਾਂ ਦੇ ਆਗੂਆਂ ਪ੍ਰਸ਼ੋਤਮ ਦਾਸ ਸਿੰਗਲਾ, ਪ੍ਰਦੀਪ ਕੁਮਾਰ, ਰਾਜ ਕੁਮਾਰ ਮਿੱਤਲ, ਮੋਹਨ ਲਾਲ, ਵਿਜੈ ਕੁਮਾਰ, ਪਰਮਜੀਤ ਕੌਰ, ਸ਼ਿਖਾ ਗਰਗ, ਰਾਜ ਕੁਮਾਰ ਤੇ ਧਰਮਪਾਲ ਨੇ ਵੀ ਡਾ. ਭਵਾਨੀ ਸ਼ੰਕਰ ਗਰਗ ਦੀ ਸ਼ਖ਼ਸੀਅਤ ਦੇ ਵੱਖ ਵੱਖ ਪੱਖਾਂ ਤੇ ਚਰਚਾ ਕੀਤੀ। ਸਮਾਗਮ ਦੇ ਆਖਿਰ ਵਿਚ ਦੋਵੇਂ ਸੰਸਥਾਵਾਂ ਵੱਲੋਂ ਡਾ. ਭਵਾਨੀ ਸ਼ੰਕਰ ਗਰਗ ਅਤੇ ਉਨਾਂ ਦੀ ਧਰਮ ਪਤਨੀ ਅੰਜਨਾ ਰਾਣੀ ਨੂੰ ਸਨਮਾਨ ਪੱਤਰ, ਲੋਈ ਅਤੇ ਫੁਲਕਾਰੀ ਦੇ ਕੇ ਸਨਮਾਨਿਤ ਕੀਤਾ ਗਿਆ।

ਰੋਜ਼ਾਨਾ ਲੋਕ ਬਾਣੀ
www.lokbani

# ਬਾਲ ਭਲਾਈ ਸਕੀਮਾਂ ਦਾ ਲਾਭ ਹਰ ਲੋੜਵੰਦ ਬੱਚੇ ਤੱਕ ਪਹੁੰਚਾਉਣਾ ਲਾਜ਼ਮੀ-ਐਸ.ਡੀ.ਐਮ.

ਬੁਢਲਾਡਾ/ਮਾਨਸਾ, (ਲੋਕ ਬਾਣੀ)

ਬਾਲ ਭਲਾਈ ਸਕੀਮਾਂ ਦਾ ਲਾਭ ਲੋੜਵੰਦ ਬੱਚਿਆਂ ਤੱਕ ਪਹੁੰਚਾਉਣਾ ਸਾਡੀ ਜ਼ਿੰਮੇਵਾਰੀ ਹੈ, ਜਿਸ ਦੇ ਲਈ ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਦੀ ਅਗਵਾਈ ਵਿਚ ਜ਼ਿਲ੍ਹਾ ਬਾਲ ਸੁਰੱਖਿਆ ਵਿਭਾਗ ਵੱਲੋਂ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਐਸ.ਡੀ.ਐਮ. ਬੁਢਲਾਡਾ ਸ੍ਰ. ਗਗਨਦੀਪ ਸਿੰਘ ਨੇ ਬੀ.ਡੀ.ਪੀ.ਓ. ਦਫ਼ਤਰ ਬੁਢਲਾਡਾ ਵਿਖੇ ਜ਼ਿਲ੍ਹਾ ਬਾਲ ਸੁਰੱਖਿਆ ਵਿਭਾਗ ਵੱਲੋਂ ਮਨਾਏ ਸਪੌਂਸਰਸ਼ਿਪ ਦਿਵਸ ਮੌਕੇ 52 ਲੋੜਵੰਦ ਬੱਚਿਆਂ ਨੂੰ ਸਪੌਂਸਰਸ਼ਿਪ ਸਕੀਮ ਅਧੀਨ ਸਹਾਇਤਾ ਰਾਸ਼ੀ ਦੇ ਚੈੱਕ ਸੌਂਪਣ ਮੌਕੇ ਕੀਤਾ।






ਇਸ ਮੌਕੇ ਐਸ.ਡੀ.ਐਮ. ਨੇ ਕਿਹਾ ਕਿ ਸਪੌਂਸਰਸ਼ਿਪ ਸਕੀਮ ਤਹਿਤ ਲੋੜਵੰਦ ਬੱਚਿਆਂ ਨੂੰ ਚਾਰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦਿੱਤੇ ਜਾਂਦੇ ਹਨ। ਉਨ੍ਹਾਂ ਦੱਸਆ ਕਿ ਜਿੰਨ੍ਹਾਂ ਪਰਿਵਾਰਾਂ ਦੀ ਆਰਥਿਕ ਹਾਲਤ ਕਮਜ਼ੋਰ ਹੈ ਤੇ ਜਿੰਨ੍ਹਾਂ ਦੇ ਪਿਤਾ ਦੀ ਮੌਤ ਹੋ ਚੁੱਕੀ ਹੈ ਅਤੇ ਘਰ ਕੋਈ ਆਮਦਨ ਦਾ ਸਾਧਨ ਨਹੀਂ ਹੈ, ਉਨ੍ਹਾਂ ਬੱਚਿਆਂ ਨੂੰ ਇਸ ਸਕੀਮ ਦਾ ਲਾਭ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਲੋੜਵੰਦ ਬੱਚਿਆਂ ਦੀ ਭਲਾਈ ਲਈ ਹਮੇਸ਼ਾ ਮੋਹਰੀ ਰੋਲ ਅਦਾ ਕਰਦਾ ਹੈ। ਜੇਕਰ ਕਿਸੇ ਬੱਚੇ ਨੂੰ ਕੋਈ ਸਮੱਸਿਆ ਆਉਂਦੀ ਹੈ ਤਾਂ ਉਸ ਸਬੰਧੀ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

ਇਸ ਦੌਰਾਨ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ, ਸ੍ਰੀਮਤੀ ਨਤੀਸ਼ਾ ਅੱਤਰੀ ਨੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋ ਚਲਾਈਆਂ ਜਾ ਰਹੀਆਂ ਵੱਖ ਵੱਖ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਪੌਂਸਰਸ਼ਿਪ ਸਕੀਮ ਅਧੀਨ ਲੋੜਵੰਦ ਬੱਚਿਆ ਨੂੰ ਵੱਧ ਤੋਂ ਵੱਧ ਜੋੜਿਆ ਜਾ ਰਿਹਾ ਹੈ ਤਾਂ ਜੋ ਯੋਗ ਤੇ ਲੋੜਵੰਦ ਬੱਚਿਆਂ ਦੀ ਮਦਦ ਕੀਤੀ ਜਾ ਸਕੇ ਅਤੇ ਕੋਈ ਵੀ ਯੋਗ ਬੱਚਾ ਸਹੂਲਤ ਲੈਣ ਤੋਂ ਵਾਂਝਾ ਨਾ ਰਹਿ ਸਕੇ। ਸਰਕਾਰ ਵੱਲੋ ਚਲਾਈ ਜਾ ਰਹੀ ਇਸ ਸਕੀਮ ਦਾ ਆਮ ਲੋਕ ਵੱਧ ਤੋਂ ਵੱਧ ਲਾਹਾ ਲੈਣ ਤਾਂ ਜ਼ੋ ਜ਼ਰੂਰਤਮੰਤ ਬੱਚਿਆਂ ਦਾ ਵਧੀਆ ਢੰਗ ਨਾਲ ਪਾਲਣ ਪੋਸ਼ਣ ਹੋ ਸਕੇ।ਰਜਿੰਦਰ ਵਰਮਾ ਕਾਉਸਲਰ ਨੇ ਬੱਚਿਆ ਦੇ ਮਾਪਿਆ ਨੂੰ ਅਪੀਲ ਕੀਤੀ ਕਿ ਬੱਚਿਆ ਦੇ ਸਰਬਪੱਖੀ ਵਿਕਾਸ ਲਈ ਮਿਲੀ ਰਾਸੀ ਖਰਚਣ ਅਤੇ ਉਨਾ ਦੀ ਵਧੀਆ ਪੜਾਈ ਲਈ ਉਨਾ ਦੀ ਜਰੂਰਤ ਪੂਰੀਆ ਕਰਨ ਇਸ ਮੌਕੇ ਸ੍ਰੀਮਤੀ ਬੀਰ ਦਵਿੰਦਰ ਕੌਰ ਚੇਅਰਪਰਸਨ ਬਾਲ ਭਲਾਈ ਕਮੇਟੀ, ਸ੍ਰੀ ਮਹਿੰਦਰਪਾਲ ਸਿੰਘ, ਸੁਤੰਤਰ ਭਰਦਵਾਜ, ਮੈਂਬਰ ਬਾਲ ਭਲਾਈ ਕਮੇਟੀ, ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਤੋਂ ਰਾਜਵੀਰ ਸਿੰਘ, , ਦਿਆਂ ਨੰਦ, ਬਲਜੀਤ ਸਿੰਘ, ਬਲ਼ਦੇਵ ਕੱਕੜ ਸਾਬਕਾ ਮੈਂਬਰ ਬਾਲ ਭਲਾਈ ਕਮੇਟੀ ਮਾਨਸਾ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਆਪਣੇ ਪਿਤਾ ਦੀ ਮਿੱਠੀ ਯਾਦ 'ਚ 4 ਦਿਨਾਂ ਫਰੀ ਯੋਗ ਕੈਂਪ ਦੀ ਸ਼ੁਰੂਆਤ, ਕੈਬਨਿਟ ਮੰਤਰੀ ਚੇਤਨ ਸਿੰਘ ਜੋੜਾਮਾਜਰਾ ਨੇ ਕੀਤੀ ਸ਼ਿਰਕਤ



ਸਮਾਣਾ, (ਲੋਕ ਬਾਣੀ) ਸ੍ਰੀ ਸਤੀ ਮੰਦਿਰ ਧਰਮਸ਼ਾਲਾ ਘੱਗਾ ਰੋਡ ਵਿਖੇ ਯੋਗਾ ਅਚਾਰੀਆ ਰਾਜਿੰਦਰ ਗਰਗ ਦੀ ਅਗਵਾਈ 'ਚ ਚੱਲ ਰਹੇ 6ਵਾਂ ਯੋਗ ਕੈਂਪ 'ਚ ਫਮਣਵਾਲ ਪਰਿਵਾਰ ਵੱਲੋਂ ਆਪਣੇ ਮਰਹੂਮ ਪਿਤਾ ਸ੍ਰੀ ਪ੍ਰਸ਼ੋਤਮ ਗਰਗ ਦੀ ਮਿੱਠੀ ਯਾਦ 'ਚ 4 ਦਿਨਾਂ ਫਰੀ ਯੋਗਾ ਕੈਂਪ ਦੀ ਸ਼ੁਰੂਆਤ ਕੀਤੀ ਗਈ। ਜਿਸ 'ਚ ਕੈਬਨਿਟ ਮੰਤਰੀ ਚੇਤਨ ਸਿੰਘ ਜੋੜਾਮਾਜਰਾ, ਪੰਜਾਬੀ ਅਰੋੜਾ ਬਿਰਾਦਰੀ ਦੇ ਪ੍ਰਧਾਨ ਜਤਿੰਦਰ ਕੁਮਾਰ ਹੈਪੀ ਢੀਂਗੜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸ੍ਰ. ਜੋੜਾਮਾਜਰਾ ਨੇ ਕਿਹਾ ਕਿ ਕਰੋ ਯੋਗ ਰਹੋ ਨਿਰੋਗ ਰੁਝੇਵਿਆ ਭਰੀ ਜਿੰਦਗੀ ਜੋ ਸਾਨੂੰ ਮਾਨਿਸਕ ਤਣਾਉ ਅਸ਼ਾਂਤੀ ਕਾਰਨ ਭਿਆਨਕ ਬਿਮਾਰੀਆਂ ਸਾਡੇ ਸਰੀਰ ਨੂੰ ਚਿੰਬੜ ਜਾਂਦੀਆਂ ਹਨ। ਜਿਸ ਕਾਰਨ ਸਾਨੂੰ ਡਾਕਟਰਾਂ ਤੋ ਦਵਾਈ ਖਾ ਕੇ ਸਰੀਰ ਦਾ ਤੇ ਆਰਥਿਕ ਤੌਰ ਤੇ ਪੈਸੇ ਦਾ ਨੁਕਸਾਨ ਵੀ ਕਰਨਾ ਪੈਂਦਾ ਹੈ। ਉਨਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਰੁਝੇਵਿਆ ਭਰੀ ਜਿੰਦਗੀ ਦੇ ਨਾਲ-ਨਾਲ ਤਣਾਓ ਮੁਕਤ ਤੇ ਸ਼ਾਂਤੀ ਪੂਰਨ ਮਾਹੌਲ ਵਿੱਚ ਰਹਿਣ ਲਈ ਸਵੇਰੇ ਸਮੇਂ ਸੈਰ ਤੇ ਯੋਗ ਕਰਨਾ ਚਾਹੀਦਾ ਹੈ। ਅਜਿਹਾ ਕਰਨ ਨਾਲ ਜਿੱਥੇ ਸਾਡੀ ਸਿਹਤ ਤੰਦਰੁਸਤ ਹੋਵੇਗੀ, ਸਰੀਰ ਵੀ ਫੁਰਤੀਲਾ ਬਣੇਗਾ। ਇਸ ਮੌਕੇ ਫਮਣਵਾਲ ਪਰਿਵਾਰ ਵੱਲੋਂ ਕੈਬਨਿਟ ਮੰਤਰੀ ਜੋੜਾਮਾਜਰਾ ਤੇ ਆਏ ਮਹਿਮਾਨਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਫਮਣਵਾਲ ਪਰਿਵਾਰ ਦੇ ਅਨਿਲ ਗਰਗ ਵੱਲੋਂ ਯੋਗ ਕੈਂਪ 'ਚ ਆਏ ਬੱਚਿਆਂ ਨੂੰ ਰਿਫਰੈਸ਼ਮੈਂਟ ਅਤੇ ਕੂਪਨ ਵੰਡ ਕੇ ਯੋਗ ਕਰਨ ਲਈ ਉਤਸ਼ਾਹਿਤ ਵੀ ਕੀਤਾ ਗਿਆ। ਇਲਾਕੇ ਦੇ ਪ੍ਰਸਿੱਧ ਸਮਾਜ ਸੇਵੀ ਕਿੱਟੀ ਗਰਗ ਵੱਲੋਂ ਆਏ ਹੋਏ ਯੋਗ ਲਾਭਪਾਤਰੀਆਂ ਦਾ ਪਹੁੰਚਣ 'ਤੇ ਧੰਨਵਾਦ ਕੀਤਾ। ਇਸ ਮੌਕੇ ਅਨਿਲ ਗਰਗ, ਵਿਜੇ ਕੁਮਾਰ, ਪ੍ਰੇਮ ਗਰਗ, ਰਾਮ ਲਾਲ ਸਿੰਗਲਾ, ਨਰੇਸ਼ ਜੈਨ, ਵਿਨੋਦ ਗਰਗ, ਦੇਵ ਰਾਜ ਜਿੰਦਲ, ਪੱਤਰਕਾਰ ਸੁਭਾਸ਼ ਚੰਦਰ ਗਰਗ, ਸ਼ੁਭਮ, ਭਗਵਾਨ ਦਾਸ ਭੋਲਾ, ਜਗਰੂਪ ਸਿੰਘ, ਮਨੀਸ਼, ਨਰੇਸ਼ ਸਿੰਗਲਾ, ਬੇਅੰਤ ਵਰਮਾ, ਕ੍ਰਿਸ਼ਨਾ ਦੇਵੀ, ਚੰਚਲ, ਰਾਜ ਰਾਣੀ, ਕਵਿਤਾ, ਪਰਵੀਨ ਰਾਣੀ, ਰਜਨੀ, ਚੰਦਰ ਬਾਲਾ, ਹਰਜਿੰਦਰ ਕੌਰ ਤੋਂ ਇਲਾਵਾ ਸੈਂਕੜੇ ਯੋਗਾ ਲਾਭਪਾਤਰੀ ਹਾਜ਼ਰ ਸਨ।

# ਪਰਾਲੀ ਪ੍ਰਬੰਧਨ ਮਸ਼ੀਨਰੀ ਲਈ ਅਪਲਾਈ ਕਰਨ ਦੀ ਤਰੀਕ ਵਿੱਚ 19 ਸਤੰਬਰ ਤੱਕ ਦਾ ਵਾਧਾ : ਡਿਪਟੀ ਕਮਿਸ਼ਨਰ



ਬਰਨਾਲਾ, (ਲੋਕ ਬਾਣੀ) ਪਰਾਲੀ ਪ੍ਰਬੰਧਨ ਮਸ਼ੀਨਾਂ ਲਈ ਅਪਲਾਈ ਕਰਨ ਦੀ ਤਰੀਕ ਵਿੱਚ 19 ਸਤੰਬਰ ਤੱਕ ਦਾ ਵਾਧਾ ਹੋ ਗਿਆ ਹੈ, ਇਸ ਲਈ ਵੱਧ ਵੱਧ ਕਿਸਾਨਾਂ ਨੂੰ ਮਸ਼ੀਨਾਂ ਲਈ ਅਪਲਾਈ ਕਰਵਾਇਆ ਜਾਵੇ ਤਾਂ ਜੋ ਕੋਈ ਕਿਸਾਨ ਮਸ਼ੀਨਰੀ ਪੱਖੋਂ ਰਹਿ ਨਾ ਜਾਵੇ।

ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਵਲੋਂ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਸੀਨੀਅਰ ਅਫ਼ਸਰਾਂ ਤੇ ਕਲੱਸਟਰ ਅਫ਼ਸਰਾਂ ਨਾਲ ਮੀਟਿੰਗ ਦੌਰਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਖੇਤੀਬਾੜੀ ਵਿਭਾਗ ਅਤੇ ਕਲੱਸਟਰ ਅਫ਼ਸਰਾਂ ਨੂੰ ਨਿਰਦੇਸ਼ ਦਿੱਤੇ ਕਿ ਵੱਧ ਵੱਧ ਤੋਂ ਕਿਸਾਨਾਂ ਅਤੇ ਗਰੁੱਪਾਂ ਨੂੰ ਮਸ਼ੀਨਰੀ ਲਈ ਅਪਲਾਈ ਕੀਤਾ ਜਾਵੇ। ਉਨ੍ਹਾਂ ਕਲੱਸਟਰ ਅਫ਼ਸਰਾਂ ਨੂੰ ਕਿਹਾ ਕਿ ਹਾਟ- ਸਪਾਟ ਪਿੰਡਾਂ ਦੇ ਕਿਸਾਨਾਂ ਅਤੇ ਸਬੰਧਤ ਆੜਤੀਆਂ ਦੀਆਂ ਸੂਚੀਆਂ ਹਾਸਲ ਕੀਤੀਆਂ ਜਾਣ ਅਤੇ ਉਨ੍ਹਾਂ ਨਾਲ ਮੀਟਿੰਗਾਂ ਕਰਕੇ ਰਾਬਤਾ ਕੀਤਾ ਜਾਵੇ।

ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਦੀਸ਼ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਰਾਲੀ ਦੀ ਸਾਂਭ - ਸੰਭਾਲ ਲਈ ਮਸ਼ੀਨਾਂ ਤੇ ਸਬਸਿਡੀ ਵਾਸਤੇ ਦੁਬਾਰਾ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਇਸ ਵਾਸਤੇ agrimachinerypb.com ਤੇ ਅਪਲਾਈ ਕੀਤਾ ਜਾਵੇ।

ਉਨ੍ਹਾਂ ਦੱਸਿਆ ਕਿ ਸਰਕਾਰ ਵਲੋਂ ਸੁਪਰ ਐੱਸ ਐਮ ਐੱਸ, ਹੈਪੀ ਸੀਡਰ, ਪੈਡੀ ਸਟਰਾਅ ਚੌਪਰ,ਸ਼ਰੇਡਰ, ਮਲਚਰ, ਸਮਾਰਟ ਸੀਡਰ, ਜ਼ੀਰੋ ਟਿੱਲ ਡਰਿੱਲ, ਸਰਫੇਸ ਸੀਡਰ, ਸੁਪਰ ਸੀਡਰ, ਬੇਲਰ, ਕਰਾਪ ਰੀਪਰ, ਉਲਟਾਵੇਂ ਹਲ, ਪੈਡੀ ਸਪਲਾਈ ਚੈਨ ਆਦਿ ਸੰਦਾਂ ਤੇ ਸਬਸਿਡੀ ਦਿੱਤੀ ਜਾਂਦੀ ਹੈ। ਵਧੇਰੇ ਜਾਣਕਾਰੀ ਲਈ ਮੁੱਖ ਖੇਤੀਬਾੜੀ ਅਫ਼ਸਰ ਦਫ਼ਤਰ ਵਿਖੇ ਅਪਲਾਈ ਕੀਤਾ ਜਾ ਸਕਦਾ ਹੈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ. ਸਤਵੰਤ ਸਿੰਘ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਐਮ.ਪੀ. ਤਨਮਨਜੀਤ ਸਿੰਘ ਢੇਸੀ ਯੂਕੇ ਦੀ ਰੱਖਿਆ ਕਮੇਟੀ ਦੇ ਚੇਅਰਮੈਨ ਬਣੇ



ਜੰਡਿਆਲਾ ਗੁਰ(ਲੋਕ ਬਾਣੀ)-ਮੈਂਬਰ ਪਾਰਲੀਮੈਂਟ ਤਨਮਜੀਤ ਸਿੰਘ ਢੇਸੀ ਨੇ ਫੋਨ ਤੇ ਜਾਣਕਾਰੀ ਸ਼ਾਂਝੀ ਕਰਦਿਆਂ ਦੱਸਿਆ ਕਿ ਯੂਕੇ ਦੇ ਹਾਊਸ ਆਫ਼ ਕਾਮਨਜ਼ ਵਿੱਚ ਸਿਰਫ਼ 650 ਸੰਸਦ ਮੈਂਬਰ ਹੀ ਵੋਟ ਪਾ ਸਕਦੇ ਹਨ ਜਿਨਾਂ ਵਲੋਂ ਮੈਨੂੰ (ਤਨਮਨਜੀਤ ਸਿੰਘ ਢੇਸੀ) ਰੱਖਿਆ ਚੋਣ ਕਮੇਟੀ ਦਾ ਚੇਅਰਮੈਨ ਚੁਣਿਆ ਗਿਆ ਹੈ। ਇਹ ਕਮੇਟੀ ਖਾਸ ਕਰਕੇ ਰੱਖਿਆ ਅਤੇ ਯੂਕੇ ਸਰਕਾਰ ਦੀਆਂ ਨੀਤੀਆਂ ਦੀ ਜਾਂਚ ਕਰਨ ਵਿੱਚ ਇੱਕ ਪ੍ਰਭਾਵਸ਼ਾਲੀ ਅਤੇ ਸ਼ਕਤੀਸ਼ਾਲੀ ਭੂਮਿਕਾ ਨਿਭਾਉਂਦੀ ਹੈ।ਇਹ ਯੂਕੇ ਵਿੱਚ ਇੱਕ ਵਾਟਰਸ਼ੈੱਡ ਪਲ ਹੈ, ਕਿਉਂਕਿ ਸ੍ਰ ਢੇਸੀ ਐਮਪੀ ਰੱਖਿਆ ਕਮੇਟੀ ਦੇ ਚੇਅਰਮੈਨ ਵਜੋਂ ਚੁਣੇ ਜਾਣ ਵਾਲੇ ਪਹਿਲੇ ਕਾਲੇ, ਏਸ਼ੀਆਈ ਜਾਂ ਘੱਟ ਗਿਣਤੀ ਨਸਲੀ ਸੰਸਦ ਮੈਂਬਰ ਬਣ ਗਏ ਹਨ। ਦਰਅਸਲ, ਜਦੋਂ 2020 ਮੈਂ ਇਸ ਕਮੇਟੀ ਵਿੱਚ ਸੇਵਾ ਕੀਤੀ, ਤਾਂ ਮੈਂ ਅਜਿਹਾ ਕਰਨ ਵਾਲੇ ਕਾਲੇ, ਏਸ਼ੀਆਈ ਜਾਂ ਘੱਟ ਗਿਣਤੀ ਨਸਲੀ ਸੰਸਦ (ਬੇਮ) ਦਾ ਦੂਜਾ ਮੈਂਬਰ ਸਾਂ।ਢੇਸੀ ਸਲੋਹ ਲਈ ਸਾਂਸਦ ਵਜੋਂ ਸੱਤ ਸਾਲਾਂ ਤੋਂ ਵੱਧ ਸਮੇਂ ਤੋਂ ਸੇਵਾ ਕਰ ਰਹੇ ਹਨ ਅਤੇ ਹਾਲ ਹੀ ਵਿੱਚ 4 ਜੁਲਾਈ 2024 ਨੂੰ ਆਮ ਚੋਣਾਂ ਵਿੱਚ ਤੀਜੀ ਵਾਰ ਮੁੜ ਚੁਣੇ ਗਏ ਸਨ। ਅੱਜ ਕਮੇਟੀ ਦੇ ਚੋਣ ਨਤੀਜਿਆਂ ਤੋਂ ਬਾਅਦ, ਜਿਸ ਦਾ ਐਲਾਨ ਯੂਕੇ ਦੀ ਸੰਸਦ ਵਿੱਚ ਸਪੀਕਰ ਸਰ ਲਿੰਡਸੇ ਹੋਇਲ ਦੁਆਰਾ ਕੀਤਾ ਗਿਆ ਸੀ।ਤਾਨ ਢੇਸੀ ਐਮ,ਪੀ ਨੇ ਕਿਹਾ:ਮੈਨੂੰ ਰੱਖਿਆ ਚੋਣ ਕਮੇਟੀ ਦਾ ਚੇਅਰਮੈਨ ਚੁਣੇ ਜਾਣ ਦਾ ਮਾਣ ਹੈ। ਮੈਂ ਉਨ੍ਹਾਂ ਜਿਨ੍ਹਾਂ ਨੇ ਮੇਰਾ ਸਮਰਥਨ ਕੀਤਾ, ਪੂਰੇ ਹਾਊਸ ਆਫ਼ ਕਾਮਨਜ਼ ਜਿਨਾਂ ਨੇ ਮੇਰੇ ਤੇ ਭਰੋਸਾ ਕੀਤਾ ਅਤੇ ਭਰੋਸਾ ਰੱਖਿਆ ਸਾਰਿਆਂ ਦਾ ਧੰਨਵਾਦ ਕਰਨਾ ਚਾਹੁੰਦਾ ਹਾਂ । ਰਾਸ਼ਟਰੀ ਸੁਰੱਖਿਆ ਅਤੇ ਗਲੋਬਲ ਸਥਿਰਤਾ ਲਈ ਖਤਰੇ ਪੈਮਾਨੇ ਅਤੇ ਜਟਿਲਤਾਵਾਂ ਵੱਧ ਰਹੇ ਹਨ, ਅਤੇ ਇਹ ਬਹੁਤ ਜ਼ਰੂਰੀ ਹੈ ਕਿ ਸਾਡਾ ਰਾਸ਼ਟਰ ਇਹਨਾਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਹੋਵੇ। ਸਾਡੇ ਬਹਾਦਰ ਸਾਬਕਾ ਸੈਨਿਕਾਂ ਅਤੇ ਸੇਵਾ ਕਰਮਚਾਰੀਆਂ ਲਈ ਇੱਕ ਆਵਾਜ਼ ਦੇ ਰੂਪ ਵਿੱਚ, ਮੈਂ ਇਹ ਯਕੀਨੀ ਬਣਾਵਾਂਗਾ ਕਿ ਦੇਸ਼ ਨੂੰ ਸੁਰੱਖਿਅਤ ਰੱਖਣਾ ਸਰਕਾਰ ਦਾ ਮੁੱਢਲਾ ਫਰਜ਼ ਹੈ।

# ਪਿੰਡ ਗੁਆਰ 'ਚ 'ਆਪ ਦੀ ਸਰਕਾਰ, ਆਪ ਦੇ ਦੁਆਰ' ਤਹਿਤ ਲਗਾਏ ਜਨ ਸੁਣਵਾਈ ਕੈਂਪ ਚ ਪ੍ਰਸਾਸਨਿਕ ਅਧਿਕਾਰੀਆਂ ਨੇ ਸੁਣੀਆਂ ਨਿੱਜੀ/ਸਾਂਝੀਆਂ ਸਮੱਸਿਆਵਾਂ

ਅਮਰਗੜ੍ਹ/ਮਾਲੇਰਕੋਟਲਾ (ਲੋਕ ਬਾਣੀ) ਪੰਜਾਬ ਸਰਕਾਰ ਦੇ 'ਆਪ ਦੀ ਸਰਕਾਰ, ਆਪ ਦੇ ਦੁਆਰ' ਉਪਰਾਲੇ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਅੱਜ ਪਿੰਡ ਗੁਆਰਾ ਵਿਖੇ ਡਿਪਟੀ ਕਮਿਸ਼ਨਰ ਡਾ ਪੱਲਵੀ ਦੇ ਦਿਸ਼ਾ ਨਿਰਦੇਸ਼ਾ ਤਹਿਤ ਜਨ ਸੁਣਵਾਈ ਕੈਂਪ ਦਾ ਆਯੋਜਨ ਕੀਤਾ ਗਿਆ । ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਵਲੋਂ ਹੋਰਨਾਂ ਅਧਿਕਾਰੀਆਂ ਸਮੇਤ ਲੋਕਾਂ ਦੇ ਨਿੱਜੀ ਅਤੇ ਸਾਝੇ ਮਸਲਿਆਂ ਦੀ ਸੁਣਵਾਈ ਕਰਨ ਦੇ ਨਾਲ ਉਨ੍ਹਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਨਾਗਰਿਕ ਸੇਵਾਵਾਂ ਦਾ ਵੀ ਜਾਇਜ਼ਾ ਲਿਆ ਗਿਆ। ਇਸ ਮੌਕੇ ਐਸ.ਡੀ.ਐਮ.ਅਮਰਗੜ੍ਹ ਸੁਰਿੰਦਰ ਕੌਰ,ਐਸ.ਡੀ.ਐਮ.ਅਹਿਮਦਗੜ੍ਹ ਗੁਰਮੀਤ ਕੁਮਾਰ ਬਾਂਸਲ,ਤਹਿਸ਼ੀਲਦਾਰ ਸੀਸ਼ਪਾਲ ਸਿੰਗਲਾ ਤੋਂ ਇਲਾਵਾ ਹੋਰ ਅਧਿਕਾਰੀ ਮੌਜੂਦ ਸਨ ।

ਵਧੀਕ ਡਿਪਟੀ ਕਮਿਸ਼ਨਰ ਪਿੰਡ ਨਿਵਾਸੀਆਂ ਨਾਲ ਗੱਲਬਾਤ ਕਰਦਿਆ ਕਿਹਾ ਕਿ ਇਹ ਕੈਂਪ ਲੋਕਾਂ ਦੀਆਂ ਮੁਸ਼ਕਲਾਂ ਅਤੇ ਪ੍ਰਸ਼ਾਸਨਿਕ ਕੰਮਾਂ ਦੇ ਨਿਪਟਾਰੇ ਲਈ ਬਿਹਤਰੀਨ ਮੰਚ ਸਾਬਤ ਹੋ ਰਹੇ ਹਨ ਅਤੇ ਲੋਕਾਂ ਵਲੋਂ ਇਨ੍ਹਾਂ ਕੈਂਪਾਂ ਨੂੰ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਹੋਰ ਕਿਹਾ ਕਿ ਜ਼ਿਲ੍ਹਾ ਪ੍ਰਸਾਸ਼ਨ ਲੋਕਾਂ ਦੀ ਭਲਾਈ ਅਤੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਹੱਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਯੋਗ ਲੋੜਵੰਦ ਵਿਅਕਤੀ ਨੂੰ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਤਰ੍ਹਾਂ ਦੀਆਂ ਸਹੂਲਤਾਂ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਵਲੋਂ ਪਹਿਲਾ ਹੀ ਅਧਿਕਾਰੀਆਂ ਨੂੰ ਹਦਾਇਤ ਜਾਰੀ ਕੀਤੀਆਂ ਗਈਆਂ ਹਨ ਕਿ ਕੈਂਪ ਦੌਰਾਨ ਪ੍ਰਾਪਤ ਦਰਖਾਸਤਾਂ ਦਾ ਪਹਿਲ ਦੇ ਅਧਾਰ 'ਤੇ ਨਿਪਟਾਰਾ ਕਰਨ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਸਰਕਾਰ ਵਲੋਂ ਲੋਕਾਂ ਨੂੰ ਉਨਾਂ ਦੀਆਂ ਬੂਹਾਂ 'ਤੇ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣ ਲਈ ਸ਼ੁਰੂ ਕੀਤੀ ਗਈ ਇਸ ਪਹਿਲਕਦਮੀ ਦਾ ਵੱਧ ਤੋਂ ਵੱਧ ਲਾਭ ਪਹੁੰਚਾਇਆ ਜਾ ਸਕੇ । ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਬਿਨਾਂ ਕਿਸੇ ਦੇਰੀ ਦੇ ਜ਼ਿਲ੍ਹਾ ਵਾਸੀਆਂ ਨੂੰ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।

ਇਸ ਮੌਕੇ ਨਾਗਰਿਕ ਸੇਵਾਵਾਂ ਦਾ ਲਾਭ ਇਕੋ ਛੱਤ ਹੇਠਾਂ ਹਾਸਿਲ ਕਰਨ ਵਾਲੇ ਲਾਭਪਾਤਰੀ ਨੇ ਮੁੱਖ ਮੰਤਰੀ, ਪੰਜਾਬ ਭਗਵੰਤ ਸਿੰਘ ਮਾਨ ਵਲੋਂ ਸ਼ੁਰੂ ਕੀਤੀ ਗਈ ਇਸ ਨਿਵੇਕਲੀ ਪਹਿਲ ਕਦਮੀ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਜਿਥੇ ਲੋਕਾਂ ਦੇ ਸਮੇਂ ਅਤੇ ਪੈਸੇ ਦੀ ਬੱਚਤ ਹੋ ਰਹੀ ਹੈ ਉਥੇ ਲੋਕਾਂ ਦਾ ਸਰਕਾਰ ਪ੍ਰਤੀ ਵਿਸ਼ਵਾਸ਼ ਹੋਰ ਦ੍ਰਿੜ ਹੋਇਆ ਹੈ। ਇਕ ਹੋਰ ਲਾਭਪਾਤਰੀ ਨੇ ਕਿਹਾ ਕਿ ਸਰਕਾਰ ਵਲੋਂ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਲਈ ਲਗਾਏ ਜਾ ਰਹੇ ਇਹ ਸੁਵਿਧਾ ਕੈਂਪ ਲੋਕਾਂ ਲਈ ਵਰਦਾਨ ਸਾਬਿਤ ਹੋ ਰਹੇ ਹਨ। ਇਸ ਮੌਕੇ ਉਨ੍ਹਾਂ ਪਿੰਡ ਨਿਵਾਸੀਆਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ



ਅਤੇ ਉਸ ਦਾ ਸੁਚੱਜੇ ਤਰੀਕੇ ਨਾਲ ਪ੍ਰਬੰਧਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਪਰਾਲੀ ਦਾ ਖੇਤ ਵਿੱਚ ਹੀ ਪ੍ਰਬੰਧਨ ਕਰਨ ਲਈ ਇਨ-ਸਿਟੂ ਮਸ਼ੀਨਾਂ ਅਤੇ ਪਰਾਲੀ ਨੂੰ ਇਕੱਠੀ ਕਰਕੇ ਇਸ ਦੀਆਂ ਗੰਢਾਂ ਦੀ ਵੱਖ-ਵੱਖ ਉਦਯੋਗਿਕ ਇਕਾਈਆਂ ਵਿਚ ਵਰਤੋਂ ਲਈ ਐਕਸ-ਸਿਟੂ ਬੇਲਰ ਮਸ਼ੀਨਾਂ ਦੀ ਉਪਲਬੱਧਤਾ ਸਬੰਧੀ ਜਾਣਕਾਰੀ ਹਾਸਲ ਕਰਨ ਲਈ ਖੇਤੀਬਾੜੀ ਅਫ਼ਸਰਾਂ ਨਾਲ ਸੰਪਰਕ ਕਰਨ ਲਈ ਕਿਹਾ ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫ਼ਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018 WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS Learning Today... Leading Tomorrow!
150+ Placements In Session 2022-23 | 18+ MOUs with Industries | upto 100% Scholarship Schemes*
Offering 20+ Programmes: Management | Commerce | Information Technology | Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE MORE THAN
• 56 Colleges & Schools • 200 Merit Positions • 125 Companies For Placements • 75 Academic Courses • 2000 Placements In 2022-2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
HOTEL MANAGEMENT
MANAGEMENT & COMMERCE
DEGREE COURSES • BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY • MCA • BCA • BSc.IT • PGDCA • DCA
LAW • BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION • BPES • B.Ed. • D.El.Ed. • B.P.Ed. • D.P.Ed
NURSING TRAINING • General Nursing & Midwifery (GNM)
ARCHITECTURE • B. Architecture
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565
/stsoldiergroup www.stsoldiergroup.com